ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com
Also On
Visit on facebook
https://www.facebook.com/awazeqaumtv/videos/194899582124531/

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

**International Daily Newspaper & WEB TV**

awazeqaumtvpunjab@gmail.com

ਸੋਮਵਾਰ, 1 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੧੮ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਮਾਨਸੂਨ ਦੀ ਐਂਟਰੀ, ਪੰਜਾਬ ਅਤੇ ਹਰਿਆਣਾ 'ਚ ਹੋਵੇਗੀ ਭਾਰੀ ਬਾਰਸ਼



ਚੰਡੀਗੜ੍ਹ, 30 ਜੂਨ (ਆਵਾਜ਼ਿ ਕੌਮ ਬਿਊਰੋ)– ਦੱਖਣ-ਪੱਛਮੀ ਮਾਨਸੂਨ ਸ਼ੁੱਕਰਵਾਰ ਨੂੰ ਹਰਿਆਣਾ ਦੇ ਕੁਝ ਹਿੱਸਿਆਂ ਵਿੱਚ ਅੱਗੇ ਵਧੀ ਹੈ। ਇਸ ਦੇ ਨਾਲ ਹੀ ਦੋ-ਤਿੰਨ ਦਿਨਾਂ ਵਿੱਚ ਚੰਡੀਗੜ੍ਹ ਤੇ ਗੁਆਂਢੀ ਰਾਜ ਪੰਜਾਬ ਵਿੱਚ ਇਸ ਦੀ ਸ਼ੁਰੂਆਤ ਲਈ ਅਨੁਕੂਲ ਹਾਲਾਤ ਬਣ ਗਏ ਹਨ। ਹਰਿਆਣਾ 'ਚ ਮਾਨਸੂਨ ਦੇ ਆਉਣ ਨਾਲ ਗੁਰੂਗ੍ਰਾਮ ਤੇ ਫਰੀਦਾਬਾਦ 'ਚ ਭਾਰੀ ਬਾਰਸ਼ ਹੋਈ ਹੈ। ਹਾਸਲ ਜਾਣਕਾਰੀ ਮੁਤਾਬਕ ਗੁਰੂਗ੍ਰਾਮ 'ਚ ਸ਼ੁੱਕਰਵਾਰ ਸਵੇਰੇ ਤੇ ਵੀਰਵਾਰ ਦੀ ਰਾਤ ਨੂੰ ਹੋਈ ਭਾਰੀ ਬਾਰਸ਼ ਕਾਰਨ ਰਿਹਾਇਸ਼ੀ ਇਲਾਕਿਆਂ 'ਚ ਪਾਣੀ ਭਰ ਗਿਆ। ਇਸ ਕਾਰਨ ਪੂਰੇ ਸ਼ਹਿਰ 'ਚ ਟ੍ਰੈਫਿਕ ਜਾਮ ਲੱਗ ਗਏ। ਸ਼ਹਿਰ 'ਚ ਬਾਰਸ਼ ਤੋਂ ਬਾਅਦ ਦਿੱਲੀ-ਗੁਰੂਗ੍ਰਾਮ ਐਕਸਪ੍ਰੈਸਵੇਅ ਵੀ ਪ੍ਰਭਾਵਿਤ ਹੋਇਆ। ਮੌਸਮ ਵਿਭਾਗ ਨੇ ਅਗਲੇ 2-3 ਦਿਨਾਂ ਵਿੱਚ ਹਰਿਆਣਾ ਤੇ ਪੰਜਾਬ ਦੇ ਬਾਕੀ ਹਿੱਸਿਆਂ ਵਿੱਚ ਮਾਨਸੂਨ ਦੇ ਹੋਰ ਅੱਗੇ ਵਧਣ ਦੀ ਬਾਕੀ ਸਫ਼ਾ-2 'ਤੇ

## ਰੋਹਿਤ ਸ਼ਰਮਾ ਅਤੇ ਵਿਰਾਟ ਕੋਹਲੀ ਨੇ ਲਿਆ ਟੀ-20 ਕੌਮਾਂਤਰੀ ਕ੍ਰਿਕਟ ਫਾਰਮੈਟ ਤੋਂ ਸੰਨਿਆਸ




ਨਵੀਂ ਦਿੱਲੀ, 30 ਜੂਨ (ਆਵਾਜ਼ਿ ਕੌਮ ਬਿਊਰੋ)– ਭਾਰਤੀ ਟੀਮ ਨੇ ਬਾਰਬਾਡੋਸ ਦੇ ਕੇਨਸਿੰਗਟਨ ਓਵਲ ਮੈਦਾਨ 'ਤੇ ਇਤਿਹਾਸ ਰਚਿਆ ਤੇ ਟੀ-20 ਵਿਸ਼ਵ ਕੱਪ 2024 ਦੇ ਫਾਈਨਲ ਮੈਚ 'ਚ ਦੱਖਣੀ ਅਫਰੀਕਾ ਦੀ ਟੀਮ ਨੂੰ 7 ਦੌੜਾਂ ਨਾਲ ਹਰਾ ਕੇ ਦੂਜੀ ਵਾਰ ਟਰਾਫੀ 'ਤੇ ਕਬਜ਼ਾ ਕਰ ਲਿਆ। ਰੋਹਿਤ ਸ਼ਰਮਾ ਦੀ ਕਪਤਾਨੀ 'ਚ ਟੀਮ ਇੰਡੀਆ ਆਈਸੀਸੀ ਟਰਾਫੀ ਜਿੱਤਣ ਦੇ ਲੰਬੇ ਸਮੇਂ ਤੋਂ ਚੱਲ ਰਹੇ ਸੋਕੇ ਨੂੰ ਵੀ ਖਤਮ ਕਰਨ 'ਚ ਸਫਲ ਰਹੀ। ਇਹ ਖਿਤਾਬ ਜਿੱਤਣ ਤੋਂ ਬਾਅਦ ਕਪਤਾਨ ਰੋਹਿਤ ਸ਼ਰਮਾ ਨੇ ਵੀ ਟੀ-20 ਇੰਟਰਨੈਸ਼ਨਲ ਤੋਂ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ। ਇਸ ਬਾਰੇ ਉਨ੍ਹਾਂ ਕਿਹਾ ਕਿ ਇਹ ਫੈਸਲਾ ਲੈਣ ਲਈ ਇਸ ਤੋਂ ਵਧੀਆ ਸਮਾਂ ਨਹੀਂ ਹੋ ਸਕਦਾ। ਟੀ-20 ਵਿਸ਼ਵ ਕੱਪ 2024 ਦਾ ਖਿਤਾਬ ਜਿੱਤਣ ਤੋਂ ਬਾਅਦ ਰੋਹਿਤ ਸ਼ਰਮਾ ਨੇ ਪ੍ਰੈੱਸ ਕਾਨਫਰੰਸ 'ਚ ਸਭ ਨੂੰ ਆਪਣੇ ਫੈਸਲੇ ਦੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਬਾਕੀ ਸਫ਼ਾ-2 'ਤੇ



### ਪੰਜਾਬ ਦੀ ਸਿਆਸਤ 'ਚ ਡਿਬਰੂਗੜ੍ਹ ਵਾਲਿਆਂ ਲਿਆਂਦਾ ਭੁਚਾਲ

# ਅੰਮ੍ਰਿਤਪਾਲ ਸਿੰਘ ਦੇ ਸਾਥੀ ਕੁਲਵੰਤ ਸਿੰਘ ਰਾਊਕੇ ਤੋਂ ਬਾਅਦ ਦਲਜੀਤ ਸਿੰਘ ਕਲਸੀ ਵੱਲੋਂ ਵੀ ਚੋਣ ਲੜਨ ਦਾ ਐਲਾਨ

**ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ**

ਅੰਮ੍ਰਿਤਸਰ, 30 ਜੂਨ : ਡਿਬਰੂਗੜ੍ਹ ਜੇਲ੍ਹ 'ਚ ਬੰਦ ਖਾਲਿਸਤਾਨ ਸਮਰਥਕ ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਨੇ ਪੰਜਾਬ ਦੀ ਸਿਆਸਤ ਵਿੱਚ ਭੂਚਾਲ ਲਿਆਂਦਾ ਹੈ। ਅੰਮ੍ਰਿਤਪਾਲ ਸਿੰਘ ਦੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਬਣਨ ਤੋਂ ਬਾਅਦ ਹੁਣ ਉਨ੍ਹਾਂ ਦੇ ਸਾਥੀਆਂ ਨੇ ਵੀ ਚੋਣ ਲੜਨ ਦਾ ਐਲਾਨ ਕਰ ਦਿੱਤਾ ਹੈ। ਇਸ ਨਾਲ ਰਵਾਇਤੀ ਸਿਆਸੀ ਪਾਰਟੀਆਂ ਅੰਦਰ ਸੰਨਾਟਾ ਛਾ ਗਿਆ ਹੈ ਕਿਉਂਕਿ ਪੰਜਾਬ ਦੇ ਨੌਜਵਾਨਾਂ ਦਾ ਅੰਮ੍ਰਿਤਪਾਲ ਸਿੰਘ ਵੱਲ ਝੁਕਾਅ ਵਧਦਾ ਜਾ ਰਿਹਾ ਹੈ। ਦਰਅਸਲ ਰਾਸ਼ਟਰੀ ਸੁਰੱਖਿਆ ਕਾਨੂੰਨ (ਐਨਐਸਏ) ਦੀਆਂ ਧਾਰਾਵਾਂ ਤਹਿਤ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਦਲਜੀਤ ਸਿੰਘ ਕਲਸੀ ਤੇ ਕੁਲਵੰਤ ਸਿੰਘ ਰਾਊਕੇ ਨੇ ਚੋਣ ਲੜਨ ਦਾ ਐਲਾਨ ਕੀਤਾ ਹੈ। ਇਸ ਤੋਂ ਪਹਿਲਾਂ ਉਨ੍ਹਾਂ ਦੇ ਇੱਕ ਹੋਰ ਸਾਥੀ ਪ੍ਰਧਾਨ ਮੰਤਰੀ ਬਾਜੇਕੇ ਪਹਿਲਾਂ





ਹੀ ਗਿੱਦੜਬਾਹ ਤੋਂ ਚੋਣ ਲੜਨ ਦਾ ਐਲਾਨ ਕਰ ਚੁੱਕੇ ਹਨ। ਲੋਕ ਸਭਾ ਚੋਣਾਂ ਵਿੱਚ ਖਡੂਰ ਸਾਹਿਬ ਤੋਂ ਅੰਮ੍ਰਿਤਪਾਲ ਸਿੰਘ ਤੇ ਫਰੀਦਕੋਟ ਹਲਕੇ ਤੋਂ ਸਰਬਜੀਤ ਸਿੰਘ ਖਾਲਸਾ ਦੀ ਜਿੱਤ ਨੇ ਖਾਲਿਸਤਾਨ ਪੱਖੀਆਂ ਲਈ ਨਵੀਂ ਉਮੀਦ ਜਾਗੀ ਹੈ। ਹਾਸਲ ਜਾਣਕਾਰੀ ਮੁਤਾਬਕ ਅੰਮ੍ਰਿਤਪਾਲ ਸਿੰਘ ਦੇ ਸਾਥੀ ਤੇ ਪੰਜਾਬੀ ਫਿਲਮ ਇੰਡਸਟਰੀ ਨਾਲ ਜੁੜੇ ਦਲਜੀਤ ਸਿੰਘ ਕਲਸੀ ਨੇ ਸੁਖਜਿੰਦਰ ਸਿੰਘ ਰੰਧਾਵਾ ਦੇ ਸੰਸਦ ਮੈਂਬਰ ਬਣਨ ਤੋਂ ਬਾਅਦ ਖਾਲੀ ਹੋਈ ਸੀਟ ਤੋਂ ਚੋਣ ਲੜਨ ਦਾ ਐਲਾਨ ਕੀਤਾ ਹੈ। ਜਦੋਂਕਿ ਕੁਲਵੰਤ ਸਿੰਘ ਰਾਊਕੇ ਸਾਬਕਾ ਕੈਬਨਿਟ ਮੰਤਰੀ ਗੁਰਮੀਤ ਸਿੰਘ ਬਾਕੀ ਸਫ਼ਾ-2 'ਤੇ

## ਅੰਮ੍ਰਿਤਪਾਲ ਸਿੰਘ ਨੇ ਸਹੁੰ ਚੁਕਵਾਉਣ ਲਈ ਸਪੀਕਰ ਨੂੰ ਕੀਤੀ ਬੇਨਤੀ ? ਵਾਇਰਲ ਹੋ ਰਹੀ ਚਿੱਠੀ ਦੀ ਸੱਚਾਈ

ਚੰਡੀਗੜ੍ਹ, 30 ਜੂਨ (ਸਟਿੰਗ ਆਪ੍ਰੇਸ਼ਨ ਬਿਊਰੋ)– ਪਾਰਲੀਮੈਂਟ ਵਿੱਚ ਪੰਜਾਬ ਦੇ ਸੰਸਦ ਮੈਂਬਰਾਂ ਨੇ ਸਹੁੰ ਚੁੱਕ ਲਈ ਹੈ ਪਰ ਖਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਵਜੋਂ ਜਿੱਤੇ ਭਾਈ ਅੰਮ੍ਰਿਤਪਾਲ ਸਿੰਘ ਸਹੁੰ ਨਹੀਂ ਚੁੱਕ ਸਕੇ। ਅਹਿਮ ਗੱਲ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਸਹੁੰ ਚੁੱਕਣ ਲਈ ਆਵਾਜ਼ ਮਾਰੀ ਗਈ ਪਰ ਉਹ ਨਹੀਂ ਪਹੁੰਚ ਸਕੇ ਕਿਉਂਕਿ ਉਹ ਜੇਲ੍ਹ ਵਿੱਚ ਬੰਦ ਹਨ। ਇਸ ਤੋਂ ਬਾਅਦ ਹੁਣ ਸੋਸ਼ਲ ਮੀਡੀਆ ਉੱਤੇ ਇੱਕ ਚਿੱਠੀ ਵਾਇਰਲ ਹੋ ਰਹੀ ਹੈ ਜਿਸ ਵਿੱਚ ਕਿਹਾ ਜਾ ਰਿਹਾ ਹੈ ਕਿ ਅੰਮ੍ਰਿਤਪਾਲ ਸਿੰਘ ਨੇ ਸਪੀਕਰ ਨੂੰ ਚਿੱਠੀ ਲਿਖ ਕੇ ਬੇਨਤੀ ਕੀਤੀ ਹੈ। ਹਾਲਾਂਕਿ ਹੁਣ ਅੰਮ੍ਰਿਤਪਾਲ ਸਿੰਘ ਦੇ ਸੋਸ਼ਲ ਮੀਡੀਆ ਖਾਤੇ ਤੋਂ ਇਸ ਚਿੱਠੀ ਨੂੰ ਗ.ਲਤ ਦੱਸਿਆ ਗਿਆ ਹੈ। ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਸੋਸ਼ਲ ਮੀਡੀਆ ਉੱਤੇ ਲਿਖਿਆ ਗਿਆ ਹੈ ਕਿ, ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਨਾਮ ਹੇਠ ਇੱਕ ਨਕਲੀ ਪੱਤਰ ਸੋਸ਼ਲ ਮੀਡੀਆ 'ਤੇ ਵੰਡਿਆ ਜਾ ਰਿਹਾ ਜਿਸ ਵਿੱਚ ਸਪੀਕਰ ਨੂੰ ਭਾਈ ਅੰਮ੍ਰਿਤਪਾਲ ਸਿੰਘ ਨੂੰ ਦਿੱਲੀ ਲਿਆ ਸੌਂਹ ਚੁਕਵਾਏ ਜਾਣ ਦੀ ਬੇਨਤੀ ਕੀਤੀ ਗਈ ਹੈ। ਸਿੱਖ ਸੰਗਤ ਇਸ ਝੂਠ ਤੋਂ ਅਗਾਹ ਰਹੇ ਕਿ ਐਸਾ ਕੋਈ ਵੀ ਪੱਤਰ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਕਿਸੇ ਨੂੰ ਨਹੀ ਲਿਖਿਆ ਗਿਆ। ਇਹ ਝੂਠਾ ਪੱਤਰ ਵੀ ਪਿਛਲੇ ਡੇਢ ਸਾਲ ਤੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਕਿਰਦਾਰ ਨੂੰ ਢਾਹ ਲਾਉਣ ਦੇ ਮਾੜੇ ਇਰਾਦਿਆਂ ਦੀ ਅਗਲੀ ਕੜੀ ਬਾਕੀ ਸਫ਼ਾ-2 'ਤੇ

### ਜਲੰਧਰ ਜ਼ਿਮਨੀ ਚੋਣ ਨੂੰ ਲੈ ਕੇ ਪਰਮਿੰਦਰ ਢੀਂਡਸਾ ਨੇ ਸੁਖਬੀਰ ਬਾਦਲ 'ਤੇ ਸਿੱਧੇ ਨਿਸ਼ਾਨੇ ਸਾਧੇ



# 'ਸੁਖਬੀਰ ਬਾਦਲ ਵੱਲੋਂ ਲਏ ਗਏ ਪਾਰਟੀ ਦੇ 99% ਫੈਸਲੇ ਸਿਧਾਂਤਾਂ ਦੇ ਉਲਟ'



**ਢੀਂਡਸਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ 'ਤੇ ਸਿੱਧੇ ਹੀ ਨਿਸ਼ਾਨੇ ਸਾਧੇ। ਉਨ੍ਹਾਂ ਨੇ ਕਿਹਾ ਕਿ ਸੁਖਬੀਰ ਬਾਦਲ ਪ੍ਰਧਾਨਗੀ ਛੱਡਣਾ ਹੀ ਨਹੀਂ ਚਾਹੁੰਦੇ ਅਤੇ ਸੁਖਬੀਰ ਬਾਦਲ ਵੱਲੋਂ ਲਏ ਗਏ ਪਾਰਟੀ ਦੇ 99% ਫੈਸਲੇ ਸਿਧਾਂਤਾਂ ਦੇ ਉਲਟ'**

ਜਲੰਧਰ, 30 ਜੂਨ (ਆਵਾਜ਼ਿ ਕੌਮ ਬਿਊਰੋ)– ਸ਼੍ਰੋਮਣੀ ਅਕਾਲੀ ਦਲ 'ਚ ਚੱਲ ਰਿਹਾ ਕਲੇਸ਼ ਮੁੱਕਦਾ ਨਜ਼ਰ ਨਹੀਂ ਆ ਰਿਹਾ। ਸੁਖਬੀਰ ਸਿੰਘ ਬਾਦਲ ਵੱਲੋਂ ਜ਼ਿਮਨੀ ਚੋਣ ਵਿੱਚ ਬਸਪਾ ਦੀ ਹਮਾਇਤ ਦੇ ਕੀਤੇ ਐਲਾਨ ਤੋਂ ਬਾਅਦ ਅਕਾਲੀ ਦਲ ਦੇ ਕੁੱਝ ਆਗੂਆਂ ਨੇ ਪਾਰਟੀ ਪ੍ਰਧਾਨ ਖ਼ਿਲਾਫ਼ ਹੀ ਖੁੱਲ੍ਹਾ ਮੋਰਚਾ ਖੋਲ੍ਹ ਦਿੱਤਾ ਹੈ। ਅਜਿਹੇ ਦੇ ਵਿੱਚ ਪਰਮਿੰਦਰ ਢੀਂਡਸਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਸਿੱਧੇ ਹੀ ਨਿਸ਼ਾਨੇ ਸਾਧੇ। ਪਰਮਿੰਦਰ ਢੀਂਡਸਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਬਸਪਾ ਨੂੰ ਸਮਰਥਨ ਦੇਣਾ ਬੜੇ ਦੁੱਖ ਦੀ ਗੱਲ ਹੈ। ਉਨ੍ਹਾਂ ਨੇ ਕਿਹਾ ਜਦੋਂ ਸੁਖਬੀਰ ਬਾਦਲ ਆਪਣੇ ਹੀ ਪਾਰਟੀ ਦੇ ਉਮੀਦਵਾਰ ਨੂੰ ਸਮਰਥਨ ਨਹੀਂ ਦੇ ਰਹੇ ਤਾਂ ਉਹ ਕਿੱਥੇ ਪਾਰਟੀ ਦਾ ਭਲਾ ਕਰ ਸਕਦਾ ਹੈ। ਉਨ੍ਹਾਂ ਨੇ ਦੱਸਿਆ ਕਿ ਸੁਖਬੀਰ ਬਾਦਲ ਵੱਲੋਂ ਲਏ ਗਏ ਪਾਰਟੀ ਦੇ 99% ਫੈਸਲੇ ਸਿਧਾਂਤਾਂ ਦੇ ਉਲਟ ਹੀ ਹਨ।

ਢੀਂਡਸਾ ਨੇ ਅੱਗੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਰਕਰਾਂ ਦੀ ਨਹੀਂ ਸਰਮਾਏਦਾਰਾਂ ਨੂੰ ਅੱਗੇ ਲਿਆਉਣਾ ਚਾਹੁੰਦੇ ਹਨ। ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਜਲੰਧਰ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਬੀਬੀ ਬਾਕੀ ਸਫ਼ਾ-2 'ਤੇ

## ਜਲੰਧਰ 'ਚ ਆਪ ਨੂੰ ਮਿਲਿਆ ਵੱਡਾ ਹੁਲਾਰਾ, ਐਸ.ਸੀ ਕਮਿਸ਼ਨ ਪੰਜਾਬ ਦੇ ਮੈਂਬਰ ਰਾਜ ਕੁਮਾਰ ਮਲੋਈ ਆਪਣੇ ਸਾਥੀਆਂ ਸਮੇਤ ਹੋਏ 'ਆਪ' 'ਚ ਸ਼ਾਮਲ

ਜਲੰਧਰ, 30 ਜੂਨ (ਆਵਾਜ਼ਿ ਕੌਮ ਬਿਊਰੋ)– ਜਲੰਧਰ ਪੱਛਮੀ ਵਿਧਾਨ ਸਭਾ ਜ਼ਿਮਨੀ ਚੋਣ ਤੋਂ ਪਹਿਲਾਂ ਆਮ ਆਦਮੀ ਪਾਰਟੀ (ਆਪ) ਨੂੰ ਵੱਡਾ ਹੁਲਾਰਾ ਮਿਲਿਆ ਹੈ। ਸ਼ਨੀਵਾਰ ਨੂੰ ਐਸ.ਸੀ ਕਮਿਸ਼ਨ ਪੰਜਾਬ ਦੇ ਮੈਂਬਰ ਰਾਜ ਕੁਮਾਰ ਮਲੋਈ ਆਪਣੇ ਸੈਂਕੜੇ ਸਾਥੀਆਂ ਨਾਲ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਉੱਥੇ ਹੀ 'ਆਪ' ਨੇ ਸ਼ਿਵ ਸੈਨਾ ਸਮਾਜਵਾਦੀ ਨੂੰ ਵੱਡਾ ਝਟਕਾ ਦਿੱਤਾ ਹੈ। ਪਾਰਟੀ ਦੇ ਰਾਸ਼ਟਰੀ ਪ੍ਰਧਾਨ ਕਮਲੇਸ਼ ਭਾਰਦਵਾਜ ਅਤੇ ਰਾਸ਼ਟਰੀ ਚੇਅਰਮੈਨ ਹਨੀ ਭਾਰਦਵਾਜ ਆਪਣੇ ਸੈਂਕੜੇ ਸਾਥੀਆਂ ਨਾਲ 'ਆਪ' ਵਿੱਚ ਸ਼ਾਮਲ ਹੋ ਗਏ। ਮੁੱਖ ਮੰਤਰੀ ਭਗਵੰਤ ਮਾਨ ਨੇ ਰਸਮੀ ਤੌਰ 'ਤੇ ਸਾਰੇ ਆਗੂਆਂ ਨੂੰ ਪਾਰਟੀ 'ਚ ਸ਼ਾਮਲ ਕੀਤਾ ਬਾਕੀ ਸਫ਼ਾ-2 'ਤੇ

### ਧੋਖਾਧੜੀ ਦੇ ਦੋਸ਼ ਹੇਠ

## ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਸਮੇਤ 6 ਖ਼ਿਲਾਫ਼ ਮਾਮਲਾ ਦਰਜ

ਤਰਨ ਤਾਰਨ,30 ਜੂਨ (ਆਵਾਜ਼ਿ ਕੌਮ ਬਿਊਰੋ)–ਤਰਨ ਤਾਰਨ ਦੀ ਸਥਾਨਕ ਥਾਣਾ ਸਿਟੀ ਪੁਲਿਸ ਨੇ ਇਕ ਸਨਅਤਕਾਰ ਦੀ ਜ਼ਬਤ ਕੀਤੀ ਮਿੱਲ ਸਸਤੇ 'ਚ ਵੇਚਣ ਦੇ ਮਾਮਲੇ 'ਚ ਭਾਜਪਾ ਆਗੂ ਅਤੇ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਸਮੇਤ 6 ਵਿਅਕਤੀਆਂ ਨੂੰ ਪੰਜਾਬ ਵਿੱਤ ਨਿਗਮ (ਪੀਐੱਫ਼ਸੀ) ਦੇ ਸਾਬਕਾ ਸੀਨੀਅਰ ਅਧਿਕਾਰੀਆਂ ਖ਼ਿਲਾਫ਼ ਧੋਖਾਧੜੀ ਦਾ ਕੇਸ ਦਰਜ ਕੀਤਾ ਗਿਆ ਹੈ। ਇਹ ਮਾਮਲਾ 1998 ਦਾ ਹੈ, ਉਸ ਸਮੇਂ ਸੋਮ ਪ੍ਰਕਾਸ਼ ਪੰਜਾਬ ਵਿੱਤ ਨਿਗਮ ਦੇ ਸੀਨੀਅਰ ਅਧਿਕਾਰੀ ਸਨ। ਇਸ ਸਬੰਧੀ ਪੁਲਿਸ ਨੇ ਦੱਸਿਆ ਕਿ ਮੁਲਜ਼ਮਾਂ ਵਿਚ ਸੋਮ ਪ੍ਰਕਾਸ਼ ਤੋਂ ਇਲਾਵਾ ਪੀਐੱਫਸੀ ਦਾ ਸਾਬਕਾ ਡਿਪਟੀ ਮੈਨੇਜਰ ਸਤਪਾਲ ਵਾਸੀ ਜਲੰਧਰ, ਸੀਐੱਮ ਸੇਠੀ ਵਾਸੀ ਫਲੈਟ ਨੰਬਰ 440 ਸੈਕਟਰ-61 ਚੰਡੀਗੜ੍ਹ, ਸੁਧੀਰ ਕਪਿਲਾ ਸਾਬਕਾ ਜ਼ਿਲ੍ਹਾ ਮੈਨੇਜਰ ਵਾਸੀ ਰਣਜੀਤ ਐਵੇਵਿਊ ਅੰਮ੍ਰਿਤਸਰ ਅਤੇ ਐੱਸਐੱਸ ਗਰੋਵਰ ਵਾਸੀ ਗੁਰੂ ਨਾਨਕ ਐਵੇਨਿਊ ਮਜੀਠਾ ਰੋਡ ਅੰਮ੍ਰਿਤਸਰ ਅਤੇ ਏਕੇ ਧਵਨ ਵਾਸੀ ਮਕਾਨ ਨੰਬਰ 447 ਸੈਕਟਰ-4 ਪੰਚਕੂਲਾ ਹਰਿਆਣਾ ਦਾ ਨਾਮ ਸ਼ਾਮਲ ਹਨ। ਦੱਸ ਦੇਈਏ ਇਹ ਮਾਮਲਾ ਇੰਗਲੈਂਡ ਰਹਿੰਦੇ ਸਨਅਤਕਾਰ ਹਰਪਾਲ ਸਿੰਘ ਵਾਸੀ ਨਿਊ ਅੰਤਰਯਾਮੀ ਕਲੋਨੀ, ਅੰਮ੍ਰਿਤਸਰ ਵੱਲੋਂ ਡੀਜੀਪੀ ਪੰਜਾਬ ਨੂੰ ਕੀਤੀ ਸ਼ਿਕਾਇਤ ਦੇ ਆਧਾਰ 'ਤੇ ਜ਼ਿਲ੍ਹਾ ਪੁਲਿਸ ਨੇ ਦਰਜ ਕੀਤਾ ਹੈ। ਉਸ ਨੇ ਤਰਨ ਤਾਰਨ-ਅੰਮ੍ਰਿਤਸਰ ਸੜਕ 'ਤੇ ਦੋਬੁਰਜੀ ਪਿੰਡ ਵਿਚ ਪੰਜਾਬ ਓਵਰਸੀਜ਼ ਰਾਈਸ ਮਿੱਲ ਲਗਾਉਣ ਲਈ ਪੀਐੱਫ਼ਸੀ ਤੋਂ 70.30 ਲੱਖ ਰੁਪਏ ਦਾ ਕਰਜ਼ਾ ਮਨਜ਼ੂਰ ਕਰਵਾ ਕੇ 12 ਬਾਕੀ ਸਫ਼ਾ-2 'ਤੇ



### ਮੋਬਾਈਲ ਵਰਤਣ ਵਾਲਿਆਂ ਨੂੰ ਝਟਕਾ !

## ਹੁਣ ਸਿਮ ਪੋਰਟ ਕਰਵਾਉਣਾ ਔਖਾ, ਅੱਜ ਤੋਂ ਬਦਲ ਜਾਣਗੇ ਨਿਯਮ

ਨਵੀਂ ਦਿੱਲੀ, 30 ਜੂਨ (ਆਵਾਜ਼ਿ ਕੌਮ ਬਿਊਰੋ)– ਕੀ ਤੁਸੀਂ ਆਪਣੇ ਫ਼ੋਨ 'ਤੇ ਨੈੱਟਵਰਕ ਨਾ ਆਉਣ ਤੋਂ ਪ੍ਰੇਸ਼ਾਨ ਹੋ ? ਕੀ ਤੁਸੀਂ ਕਿਸੇ ਨਾਲ ਗੱਲ ਕਰਨ ਲਈ ਸਹੀ ਨੈੱਟਵਰਕ ਸੇਵਾ ਪ੍ਰਾਪਤ ਕਰਨ ਵਿੱਚ ਅਸਮਰੱਥ ਹੋ ? ਕੀ ਤੁਸੀਂ ਨਾ ਤਾਂ ਇੰਟਰਨੈੱਟ ਤੇ ਨਾ ਹੀ ਕਾਲਿੰਗ ਸੇਵਾ ਦਾ ਲਾਭ ਲੈ ਪਾ ਰਹੇ ਹੋ ? ਕੀ ਤੁਸੀਂ ਇਹ ਵੀ ਜਾਣਦੇ ਹੋ ਕਿ ਨੈੱਟਵਰਕ ਨਾ ਮਿਲਣ ਦਾ ਕਾਰਨ ਫ਼ੋਨ ਵਿੱਚ ਕੋਈ ਖ਼ਰਾਬੀ ਨਹੀਂ ਬਲਕਿ ਸਿਮ ਕਾਰਡ ਵਿੱਚ ਹੀ ਕੋਈ ਸਮੱਸਿਆ ਹੈ ? ਕੀ ਤੁਸੀਂ ਇਸ ਲਈ ਸਿਮ ਪ੍ਰਦਾਨ ਕਰਨ ਵਾਲੀ ਕੰਪਨੀ ਨਾਲ ਵੀ ਸੰਪਰਕ ਕੀਤਾ ਹੈ ਤੇ ਹੁਣ ਸਿਮ ਕਾਰਡ ਬਦਲਣ ਬਾਰੇ ਸੋਚ ਰਹੇ ਹੋ ? ਜੇਕਰ ਹਾਂ, ਤਾਂ ਤੁਹਾਡੇ ਲਈ ਸਿਮ ਪੋਰਟ ਕਰਵਾਉਣਾ ਔਖਾ ਹੋਣ ਵਾਲਾ ਹੈ। ਦਰਅਸਲ ਟੈਲੀਕਾਮ ਰੈਗੂਲੇਟਰੀ ਅਥਾਰਟੀ ਆਫ ਇੰਡੀਆ ਨੇ ਸਿਮ ਨੰਬਰ ਬਦਲਣ ਨੂੰ ਲੈ ਕੇ ਨਵੇਂ ਨਿਯਮ ਜਾਰੀ ਕੀਤੇ ਹਨ। ਇਹ 1 ਜੁਲਾਈ, 2024 ਤੋਂ ਹਰ ਕਿਸੇ ਲਈ ਲਾਗੂ ਹੋ ਜਾਣਗੇ। ਇਸ ਨਾਲ ਉਪਭੋਗਤਾਵਾਂ ਲਈ ਇੱਕ ਨੈਟਵਰਕ ਤੋਂ ਦੂਜੇ ਨੈਟਵਰਕ ਵਿੱਚ ਮੋਬਾਈਲ ਫੋਨ ਬਾਕੀ ਸਫ਼ਾ-2 'ਤੇ



### ਸਿਮ ਪੋਰਟ ਦੇ ਨਵੇਂ ਨਿਯਮ

ਨਵੇਂ ਨਿਯਮਾਂ ਤੋਂ ਪਹਿਲਾਂ ਉਪਭੋਗਤਾਵਾਂ ਉਸੇ ਨੰਬਰ ਵਾਲਾ ਸਿਮ ਕਾਰਡ ਇੱਕ ਕੰਪਨੀ ਤੋਂ ਦੂਜੀ ਕੰਪਨੀ ਤਬਦੀਲ ਬੜੀ ਆਸਾਨੀ ਨਾਲ ਕਰ ਲੈਂਦੇ ਸਨ। ਅਜਿਹੇ 'ਚ ਜ਼ਿਆਦਾ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪੈਂਦਾ ਸੀ ਜਾਂ ਜ਼ਿਆਦਾ ਪ੍ਰਕਿਰਿਆ ਦੀ ਪਾਲਣਾ ਕਰਨ ਦੀ ਜ਼ਰੂਰਤ ਨਹੀਂ ਸੀ। ਦੂਜੇ ਪਾਸੇ ਹੁਣ ਮੋਬਾਈਲ ਨੰਬਰ ਪੋਰਟੇਬਿਲਟੀ ਦੇ ਨਵੇਂ ਨਿਯਮਾਂ ਤਹਿਤ ਯੂਜ਼ਰਸ ਨੂੰ ਅਸੁਵਿਧਾ ਦਾ ਸਾਹਮਣਾ ਕਰਨਾ ਪੈ ਸਕਦਾ ਹੈ ਪਰ ਇਹ ਨਿਯਮ ਉਨ੍ਹਾਂ ਦੀ ਸੁਰੱਖਿਆ ਲਈ ਜਾਰੀ ਕੀਤਾ ਗਿਆ ਹੈ। ਸਿਮ ਪੋਰਟਾਂ ਲਈ ਨਵੇਂ ਨਿਯਮ 1 ਜੁਲਾਈ, 2024 ਤੋਂ ਲਾਗੂ ਹੋਣਗੇ। ਇਸ ਤਹਿਤ ਯੂਜ਼ਰਸ ਨੂੰ ਪਹਿਲਾਂ ਦੀ ਤਰ੍ਹਾਂ ਸਿਮ ਕਾਰਡ ਇੱਕ ਕੰਪਨੀ ਤੋਂ ਦੂਜੀ ਕੰਪਨੀ 'ਚ ਆਸਾਨੀ ਨਾਲ ਬਦਲਣ ਦਾ ਮੌਕਾ ਨਹੀਂ ਮਿਲੇਗਾ। ਇਸ ਦੀ ਬਜਾਏ, ਪਹਿਲਾਂ ਇੱਕ ਅਰਜ਼ੀ ਜਮ੍ਹਾਂ ਕਰਾਉਣੀ ਜ਼ਰੂਰੀ ਹੋਵੇਗੀ। ਇਸ ਤੋਂ ਬਾਅਦ ਯੂਜ਼ਰ ਨੂੰ ਪ੍ਰਕਿਰਿਆ ਦਾ ਇੰਤਜ਼ਾਰ ਕਰਨਾ ਹੋਵੇਗਾ। ਨਵੇਂ ਨਿਯਮਾਂ ਤਹਿਤ, ਪਹਿਲਾਂ ਤੁਹਾਨੂੰ ਆਪਣੀ ਪਛਾਣ ਨਾਲ ਸਬੰਧਤ ਦਸਤਾਵੇਜ਼ ਪ੍ਰਦਾਨ ਕਰਨੇ ਹੋਣਗੇ। ਇਸ ਦੇ ਨਾਲ ਹੀ ਤਸਦੀਕ ਪ੍ਰਕਿਰਿਆ ਅਪਣਾਉਣੀ ਪਵੇਗੀ। ਵੈਰੀਫਿਕੇਸ਼ਨ ਲਈ ਫ਼ੋਨ ਨੰਬਰ 'ਤੇ ਇੱਕ ਓਟੀਪੀ ਭੇਜਿਆ ਜਾਵੇਗਾ, ਜਿਸ ਦੀ ਵਰਤੋਂ ਸਿਮ ਪੋਰਟਿੰਗ ਦੌਰਾਨ ਕੀਤੀ ਜਾਵੇਗੀ। ਇਸ ਤੋਂ ਇਲਾਵਾ ਨਵੇਂ ਨਿਯਮਾਂ ਤਹਿਤ, ਇੱਕ ਉਪਭੋਗਤਾ ਇੱਕ ਆਈਡੀ ਤੋਂ ਇੱਕ ਤੋਂ ਵੱਧ ਸਿਮ ਪ੍ਰਾਪਤ ਕਰਨ ਦੇ ਯੋਗ ਨਹੀਂ ਹੋਵੇਗਾ।

## ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# ਅੰਤਰ ਰਾਸ਼ਟਰੀ ਕਾਨਫਰੰਸ ਸੀਟਾਸ-2024 ਲਈ ਤਿਆਰੀਆਂ ਮੁਕੰਮਲ: ਗੁਰਲਾਭ ਸਿੰਘ ਸਿੱਧੂ

ਤਲਵੰਡੀ ਸਾਬੋ, 30 ਜੂਨ (ਗੁਰਜੰਟ ਸਿੰਘ ਨਥੇਹਾ)- ਪੰਜਾਬ ਖੇਤੀ ਪ੍ਰਧਾਨ ਸੂਬਾ ਹੈ, ਜੋ ਕਣਕ ਅਤੇ ਚਾਵਲ ਦੇ ਕੇਂਦਰੀ ਅਨਾਜ ਭੰਡਾਰ ਵਿੱਚ ਸਭ ਤੋਂ ਵੱਧ ਯੋਗਦਾਨ ਪਾਉਂਦਾ ਹੈ ਪਰ ਖੇਤੀ ਖਰਚੇ ਵੱਧਣ ਕਾਰਨ ਕਿਸਾਨਾਂ

ਆਵਾਜ਼ਿ ਕੌਮ AWAZE QAUM International Newspaper & WEB TV

ਅਨੁਸਾਰ ਖੇਤੀ ਹੁਣ ਲਾਹੇਵੰਦ ਧੰਦਾ ਨਹੀਂ ਰਿਹਾ। ਖੇਤੀ ਮਾਹਿਰਾਂ ਅਨੁਸਾਰ ਜੇਕਰ ਕਿਸਾਨ ਆਧੁਨਿਕ ਤਕਨੀਕ ਅਤੇ ਬਦਲਵੇਂ ਫਸਲੀ ਚੱਕਰ ਅਨੁਸਾਰ ਖੇਤੀ ਕਰਨ ਤਾਂ ਖੇਤੀ ਲਾਹੇਵੰਦ ਅਤੇ ਸੱਭ ਤੋਂ ਵੱਧ ਰੁਜ਼ਗਾਰ ਪੈਦਾ ਕਰਨ ਵਾਲਾ ਧੰਦਾ ਬਣ ਸਕਦੀ ਹੈ। ਇਸ ਤਰ੍ਹਾਂ ਦੇ ਵਿਸ਼ਿਆਂ ਤੇ ਵਿਚਾਰ ਚਰਚਾ ਕਰਨ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ 29 ਅਗਸਤ ਤੋਂ 31 ਅਗਸਤ 2024 ਨੂੰ "ਅੰਤਰ-ਰਾਸ਼ਟਰੀ ਕਾਨਫਰੰਸ ਸੀਟਾਸ-2024" ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਦੱਸਿਆ ਕਿ ਨੌਜਵਾਨ ਪੀੜ੍ਹੀ ਨੂੰ ਖੇਤੀ ਨਾਲ ਜੁੜੇ ਰਹਿਣ ਅਤੇ ਰੁਜ਼ਗਾਰ ਲਈ ਵਿਦੇਸ਼ਾਂ ਵਿੱਚ ਹੋ ਰਹੇ ਪ੍ਰਵਾਸ ਨੂੰ ਰੋਕਣ ਲਈ ਜੀ.ਕੇ.ਯੂ ਵੱਲੋਂ ਯਤਨ ਜਾਰੀ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਯਤਨਾਂ ਦੀ ਲੜੀ ਤਹਿਤ ਅੰਤਰ-ਰਾਸ਼ਟਰੀ ਕਾਨਫਰੰਸ ਦੇ ਸ਼ਾਨਦਾਰ ਅਤੇ ਵੱਡੇ ਪੱਧਰ 'ਤੇ ਆਯੋਜਨ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।




ਉਨ੍ਹਾਂ ਇਹ ਵੀ ਦੱਸਿਆ ਕਿ ਕਾਨਫਰੰਸ ਵਿੱਚ ਸਕੱਤਰ ਖੇਤੀਬਾੜੀ ਖੋਜ ਅਤੇ ਸਿੱਖਿਆ ਵਿਭਾਗ, ਮਹਾਂ ਨਿਰਦੇਸ਼ਕ, ਆਈ.ਸੀ.ਏ.ਆਰ ਡਾ. ਹਿਮਾਂਸ਼ੂ ਪਾਠਕ, ਬਤੌਰ ਮੁੱਖ ਮਹਿਮਾਨ, ਡਿਪਟੀ ਡਾਇਰੈਕਟਰ ਖੇਤੀਬਾੜੀ ਸਿੱਖਿਆ, ਆਈ.ਸੀ.ਏ.ਆਰ. ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰਾਲਾ ਭਾਰਤ ਸਰਕਾਰ ਡਾ. ਆਰ.ਸੀ. ਅਗਰਵਾਲ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਕਾਨਫਰੰਸ ਵਿੱਚ ਕੈਨੇਡਾ ਤੋਂ ਨਾਮਵਰ ਖੇਤੀ ਵਿਗਿਆਨੀ ਡਾ. ਓਮ ਪ੍ਰਕਾਸ਼ ਡਾਂਗੀ, ਜਿਨ੍ਹਾਂ ਨੇ ਸਰਦੀਆਂ ਵਿੱਚ ਪੈਦਾ ਹੋਣ ਵਾਲੇ ਮੋਟੇ ਅਨਾਜ ਦੀ ਖੋਜ ਕੀਤੀ ਅਤੇ ਆਧੁਨਿਕ ਖੇਤੀ ਦੇ ਮਾਹਿਰ ਡਾ. ਓ.ਪੀ. ਧਨਖੜ, ਅਮਰੀਕਾ, ਦਾ ਵਿਸ਼ੇਸ਼ ਲੈਕਚਰ ਹੋਵੇਗਾ। ਇਸ ਤੋਂ ਇਲਾਵਾ ਪ੍ਰਤੀ ਏਕੜ ਵੱਧ ਝਾੜ ਲੈਣ ਅਤੇ ਵਾਤਾਵਰਣ ਪੱਖੀ ਖੇਤੀ ਅਤੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਫਸਲਾਂ ਪੈਦਾ ਕਰਨ ਆਦਿ ਵਿਸ਼ਿਆਂ 'ਤੇ ਵਿਚਾਰ ਚਰਚਾ ਹੋਵੇਗੀ ਅਤੇ ਵਿਸ਼ਵ ਦੇ ਲਗਭਗ 500 ਤੋਂ ਵੱਧ ਖੇਤੀ ਮਾਹਿਰਾਂ ਦੇ ਖੋਜ ਪੱਤਰ ਪੜ੍ਹੇ ਜਾਣਗੇ। ਇਸ ਮੌਕੇ ਡਾ. ਵਰਿੰਦਰ ਸਿੰਘ ਪਾਹਿਲ, ਐਡਵਾਈਜ਼ਰ ਟੂ ਚਾਂਸਲਰ ਨੇ ਦੱਸਿਆ ਕਿ ਆਈ.ਸੀ.ਏ.ਆਰ ਵੱਲੋਂ ਪ੍ਰਾਯੋਜਿਤ, ਜਸਟ ਐਜੂਕੇਸ਼ਨ ਗਰੁੱਪ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਤੇ ਬਾਗਬਾਨੀ ਵਿਭਾਗ, ਪੰਜਾਬ ਦੇ ਸਹਿਯੋਗ ਨਾਲ ਆਯੋਜਿਤ ਕਾਨਫਰੰਸ ਵਿੱਚ ਖੇਤੀ ਦੇ ਵੱਖ-ਵੱਖ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੇ ਮਾਹਿਰਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਖੇਤੀ ਮਾਹਿਰਾਂ, ਖੋਜਾਰਥੀਆਂ ਅਤੇ ਵਿਦਿਆਰਥੀਆਂ ਨੂੰ ਕਾਨਫਰੰਸ ਦਾ ਵੱਧ ਤੋਂ ਵੱਧ ਲਾਹਾ ਲੈਣ ਦਾ ਸੱਦਾ ਦਿੱਤਾ।

## .... ਸ.ਫਾ-1 ਦਾ ਬਾਕੀ ....

### ਪੰਜਾਬ ਦੀ ਸਿਆਸਤ 'ਚ ਡਿਬਰੂਗੜ੍ਹ ਵਾਲਿਆਂ ਲਿਆਂਦਾ ਭੂਚਾਲ ...

ਮੀਤ ਹੇਅਰ ਦੇ ਸੰਸਦ ਮੈਂਬਰ ਬਣਨ ਤੋਂ ਬਾਅਦ ਖਾਲੀ ਹੋਈ ਬਰਨਾਲਾ ਸੀਟ ਤੋਂ ਚੋਣ ਲੜਨਾ ਚਾਹੁੰਦੇ ਹਨ। ਯਾਦ ਰਹੇ ਅੰਮ੍ਰਿਤਪਾਲ ਸਿੰਘ ਨੇ ਡਿਬਰੂਗੜ੍ਹ ਜੇਲ੍ਹ ਵਿੱਚ ਰਹਿੰਦਿਆਂ ਖਡੂਰ ਸਾਹਿਬ ਸੀਟ ਤੋਂ ਚੋਣ ਲੜੀ ਤੇ ਵੱਡੇ ਫਰਕ ਨਾਲ ਜਿੱਤੇ। ਉਨ੍ਹਾਂ ਦੀ ਜਿੱਤ ਦਾ ਫਰਕ ਪੰਜਾਬ ਵਿੱਚ ਸਭ ਤੋਂ ਵੱਧ ਰਿਹਾ ਸੀ। ਅੰਮ੍ਰਿਤਪਾਲ ਸਿੰਘ ਦੀ ਜਿੱਤ 1.97 ਲੱਖ ਵੋਟਾਂ ਨਾਲ ਹੋਈ। ਬਿਨਾਂ ਕਿਸੇ ਪਾਰਟੀ ਦੀ ਹਮਾਇਤ ਤੇ ਸਾਰੀਆਂ ਕੌਮੀ ਤੇ ਖੇਤਰੀ ਪਾਰਟੀਆਂ ਨੂੰ ਪਿਛਾੜ ਕੇ ਅੰਮ੍ਰਿਤਪਾਲ ਸਿੰਘ ਪਹਿਲੇ ਸਥਾਨ 'ਤੇ ਰਹੇ। ਇਸ ਜਿੱਤ ਤੋਂ ਬਾਅਦ ਅੰਮ੍ਰਿਤਪਾਲ ਸਿੰਘ ਦੇ ਹਮਾਇਤੀਆਂ ਦਾ ਮਨੋਬਲ ਵੀ ਵਧਿਆ ਹੈ। ਇਹੀ ਕਾਰਨ ਹੈ ਕਿ ਹੁਣ ਇੱਕ-ਇੱਕ ਕਰਕੇ ਅੰਮ੍ਰਿਤਪਾਲ ਸਿੰਘ ਦੇ ਸਾਥੀ ਪੰਜਾਬ ਵਿਧਾਨ ਸਭਾ ਲਈ ਆਜ਼ਾਦ ਚੋਣ ਲੜਨਾ ਚਾਹੁੰਦੇ ਹਨ। ਦੱਸ ਦਈਏ ਕਿ ਅੰਮ੍ਰਿਤਪਾਲ ਦੇ ਹੱਕ 'ਚ ਵੀਡੀਓ ਪਾ ਕੇ ਸੂਬਾ ਸਰਕਾਰ 'ਤੇ ਨਿਸ਼ਾਨਾ ਸਾਧਣ ਵਾਲੇ ਭਗਵੰਤ ਸਿੰਘ ਉਰਫ ਪ੍ਰਧਾਨ ਮੰਤਰੀ ਬਾਜੇਕੇ ਨੇ ਪਹਿਲਾਂ ਹੀ ਚੋਣ ਲੜਨ ਦਾ ਐਲਾਨ ਕਰ ਦਿੱਤਾ ਹੈ। ਗਿੱਦੜਬਾਹਾ ਸੀਟ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਲੁਧਿਆਣਾ ਤੋਂ ਸੰਸਦ ਮੈਂਬਰ ਚੁਣੇ ਜਾਣ ਤੋਂ ਬਾਅਦ ਖਾਲੀ ਹੋਈ ਹੈ। ਪ੍ਰਧਾਨ ਮੰਤਰੀ ਬਾਜੇਕੇ ਪਹਿਲੇ ਵਿਅਕਤੀ ਸਨ ਜਿਨ੍ਹਾਂ ਨੇ ਖਡੂਰ ਸਾਹਿਬ ਲੋਕ ਸਭਾ ਸੀਟ ਤੋਂ ਅੰਮ੍ਰਿਤਪਾਲ ਦੀ ਜਿੱਤ ਤੋਂ ਬਾਅਦ ਵਿਧਾਨ ਸਭਾ ਉਪ ਚੋਣ ਲੜਨ ਦਾ ਐਲਾਨ ਕੀਤਾ ਸੀ।

### ਅੰਮ੍ਰਿਤਪਾਲ ਸਿੰਘ ਨੇ ਸਹੁੰ ਚੁਕਵਾਉਣ ਲਈ...

ਹੈ। ਸਮਾਂ ਆਉਣ ਤੇ ਅਜਿਹੀਆਂ ਮਾੜੀਆਂ ਕਾਰਵਾਈਆਂ ਲਈ ਜ਼ਿੰਮੇਵਾਰ ਵਿਅਕਤੀਆਂ ਦੇ ਨਾਮ ਸਿੱਖ ਸੰਗਤ ਸਾਹਮਣੇ ਰੱਖੇ ਜਾਣਗੇ। ਦਰਅਸਲ ਭਾਈ ਅੰਮ੍ਰਿਤਪਾਲ ਸਿੰਘ ਦੀ ਗੱਲ ਕਰੀਏ ਤਾਂ ਉਹ ਮਾਰਚ 2023 ਤੋਂ ਐਨਐਸਏ ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ। ਯਾਦ ਰਹੇ ਐਨਐਸਏ ਇੱਕ ਸਖਤ ਕਾਨੂੰਨ ਹੈ ਜੋ ਸਰਕਾਰ ਨੂੰ ਰਸਮੀ ਦੋਸ਼ਾਂ ਤੋਂ ਬਿਨਾਂ ਹੀ ਵਿਅਕਤੀਆਂ ਨੂੰ 12 ਮਹੀਨਿਆਂ ਤੱਕ ਨਜ਼ਰਬੰਦ ਕਰਨ ਦੀ ਇਜਾਜ਼ਤ ਦਿੰਦਾ ਹੈ ਪਰ ਹੁਣ ਅੰਮ੍ਰਿਤਪਾਲ ਸਿੰਘ ਨੂੰ ਇੱਕ ਸਾਲ ਤੋਂ ਵੱਧ ਸਮਾਂ ਹੋ ਗਿਆ ਹੈ ਤੇ ਸਰਕਾਰ ਦੂਜੀ ਵਾਰ ਐਨਐਸਏ ਵਿੱਚ ਵਾਧਾ ਕਰ ਚੁੱਕੀ ਹੈ।

### 'ਸੁਖਬੀਰ ਬਾਦਲ ਵੱਲੋਂ ਲਏ ਗਏ ਪਾਰਟੀ ਦੇ...

ਸਰਜੀਤ ਕੌਰ ਦੇ ਹੱਕ 'ਚ ਡੱਟ ਕੇ ਅਤੇ ਆਰਥਿਕ ਮਦਦ ਦੇ ਨਾਲ ਵੀ ਸਪੋਰਟ ਕਰਾਂਗੇ। ਜਦੋਂ ਪੱਤਕਾਰਾਂ ਵੱਲੋਂ ਪੰਜਾਬ ਦੇ ਵਿੱਚ ਨਸ਼ੇ ਨੂੰ ਲੈ ਕੇ ਹੋ ਰਹੀਆਂ ਮੌਤਾਂ ਦੇ ਬਾਰੇ ਸਵਾਲ ਕੀਤਾ ਤਾਂ ਉਨ੍ਹਾਂ ਨੇ ਕਿਹਾ ਕਿ ਨਸ਼ਾ ਪੰਜਾਬ ਲਈ ਗੰਭੀਰ ਸਮੱਸਿਆ ਇਸ ਨੂੰ ਨੱਥ ਪਾਉਣਾ ਲਾਜ਼ਮੀ ਹੈ।

### ਜਲੰਧਰ 'ਚ ਆਪ ਨੂੰ ਮਿਲਿਆ ਵੱਡਾ ਹੁਲਾਰਾ...

ਅਤੇ ਉਨ੍ਹਾਂ ਦਾ ਸਵਾਗਤ ਕੀਤਾ। ਸ਼ਾਮਲ ਹੋਏ ਸਾਰੇ ਆਗੂਆਂ ਨੇ ਸੀ.ਐਮ. ਮਾਨ ਨੂੰ 'ਆਪ' ਉਮੀਦਵਾਰ ਮੋਹਿੰਦਰ ਭਗਤ ਦੀ ਜਿੱਤ ਯਕੀਨੀ ਬਣਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਆਪਣੇ ਬਿਆਨ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਜਲੰਧਰ ਵਿੱਚ ਆਮ ਆਦਮੀ ਪਾਰਟੀ ਬਹੁਤ ਮਜ਼ਬੂਤ ਹੈ। ਸਾਡੀ ਸਰਕਾਰ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਲੋਕ ਲਗਾਤਾਰ 'ਆਪ' ਨਾਲ ਜੁੜ ਰਹੇ ਹਨ ਅਤੇ ਸਾਡਾ ਸਮਰਥਨ ਕਰ ਰਹੇ ਹਨ। ਮਾਨ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਜਲੰਧਰ ਦੇ ਲੋਕਾਂ ਵੱਲੋਂ ਆਮ ਆਦਮੀ ਪਾਰਟੀ ਨੂੰ ਭਰਵਾਂ ਸਮਰਥਨ ਮਿਲ ਰਿਹਾ। ਉਨ੍ਹਾਂ ਦਾਅਵਾ ਕੀਤਾ ਇੱਥੋਂ ਦੇ ਲੋਕ ਭਾਰੀ ਬਹੁਮਤ ਨਾਲ 'ਆਪ' ਉਮੀਦਵਾਰ ਮਹਿੰਦਰ ਭਗਤ ਨੂੰ ਜਿਤਾਉਣਗੇ ਅਤੇ ਧੋਖੇਬਾਜ਼ਾਂ ਨੂੰ ਮੂੰਹ ਤੋੜਵਾਂ ਜਵਾਬ ਦੇਣਗੇ, ਕਿਉਂਕਿ ਸਾਡਾ ਉਮੀਦਵਾਰ ਬਹੁਤ ਪੜ੍ਹਿਆ-ਲਿਖਿਆ, ਯੋਗ ਅਤੇ ਇਮਾਨਦਾਰ ਹੈ। ਉਨ੍ਹਾਂ ਦੀਆਂ ਦੋ ਪੀੜ੍ਹੀਆਂ ਨੇ ਜਲੰਧਰ ਦੇ ਲੋਕਾਂ ਦੀ ਸੇਵਾ ਕੀਤੀ ਹੈ।

### ਸਰਕਾਰ ਨੇ ਡੀ.ਏ 'ਚ ਕੀਤਾ 4 ਫ਼ੀਸਦੀ ਦਾ ਵਾਧਾ...

ਭਵਿੱਖਬਾਣੀ ਕੀਤੀ ਹੈ। ਇਸ ਕਾਰਨ ਮੋਹਲੇਧਾਰ ਮੀਂਹ ਪਵੇਗਾ। ਮੌਸਮ ਵਿਭਾਗ ਦੇ ਬੁਲੇਟਿਨ ਅਨੁਸਾਰ, ਸ਼ੁੱਕਰਵਾਰ ਨੂੰ ਹਰਿਆਣਾ ਤੇ ਪੰਜਾਬ ਵਿੱਚ ਵੱਧ ਤੋਂ ਵੱਧ ਤਾਪਮਾਨ ਆਮ ਸੀਮਾ ਦੇ ਨੇੜੇ ਰਿਹਾ। ਮੌਸਮ ਵਿਭਾਗ ਨੇ ਹਰਿਆਣਾ ਦੇ 12 ਜ਼ਿਲ੍ਹਿਆਂ ਵਿੱਚ ਔਰੇਂਜ ਅਲਰਟ ਜਾਰੀ ਕੀਤਾ ਹੈ। ਇਸ ਵਿੱਚ ਪਾਣੀਪਤ, ਸੋਨੀਪਤ, ਪਲਵਲ, ਨੂਹ, ਫਰੀਦਾਬਾਦ, ਪੰਚਕੂਲਾ, ਕਰਨਾਲ, ਅੰਬਾਲਾ, ਝੱਜਰ, ਗੁਰੂਗ੍ਰਾਮ, ਯਮੁਨਾਨਗਰ ਤੇ ਰੇਵਾੜੀ ਸ਼ਾਮਲ ਹਨ। ਇਸ ਤੋਂ ਇਲਾਵਾ ਬਾਕੀ ਜ਼ਿਲ੍ਹਿਆਂ ਵਿੱਚ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਪੰਜਾਬ ਦੀ ਗੱਲ ਕਰੀਏ ਤਾਂ ਸਾਰੇ ਜ਼ਿਲ੍ਹਿਆਂ ਵਿੱਚ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਮੌਸਮ ਵਿਭਾਗ ਨੇ ਇੱਥੇ ਗਰਜ ਤੇ ਬਿਜਲੀ ਦੇ ਨਾਲ ਭਾਰੀ ਮੀਂਹ ਦੀ ਭਵਿੱਖਬਾਣੀ ਕੀਤੀ ਹੈ। ਹਰਿਆਣਾ-ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਦਾ ਵੱਧ ਤੋਂ ਵੱਧ ਤਾਪਮਾਨ 37.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇਸ ਤੋਂ ਇਲਾਵਾ ਅੰਬਾਲਾ 'ਚ 36.4 ਡਿਗਰੀ ਸੈਲਸੀਅਸ, ਹਿਸਾਰ 'ਚ 38 ਡਿਗਰੀ ਸੈਲਸੀਅਸ, ਕਰਨਾਲ 'ਚ 34.5 ਡਿਗਰੀ ਸੈਲਸੀਅਸ, ਮਹਿੰਦਰਗੜ੍ਹ 'ਚ 35.5 ਡਿਗਰੀ ਸੈਲਸੀਅਸ ਤੇ ਰੋਹਤਕ 'ਚ 33.7 ਡਿਗਰੀ ਸੈਲਸੀਅਸ ਤਾਪਮਾਨ ਦਰਜ ਕੀਤਾ ਗਿਆ। ਇਸ ਤੋਂ ਇਲਾਵਾ ਮੀਂਹ ਤੋਂ ਬਾਅਦ ਫਰੀਦਾਬਾਦ ਵਿੱਚ ਵੱਧ ਤੋਂ ਵੱਧ ਤਾਪਮਾਨ 32.1 ਡਿਗਰੀ ਸੈਲਸੀਅਸ ਤੇ ਗੁਰੂਗ੍ਰਾਮ ਵਿੱਚ ਵੱਧ ਤੋਂ ਵੱਧ ਤਾਪਮਾਨ 31.5 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਪੰਜਾਬ ਦੇ ਪਟਿਆਲਾ ਵਿੱਚ ਵੱਧ ਤੋਂ ਵੱਧ ਤਾਪਮਾਨ 36 ਡਿਗਰੀ ਸੈਲਸੀਅਸ, ਫਰੀਦਕੋਟ ਵਿੱਚ 36.5 ਡਿਗਰੀ ਸੈਲਸੀਅਸ, ਫ਼ਿਰੋਜ਼ਪੁਰ ਵਿੱਚ 37.5 ਡਿਗਰੀ ਤੇ ਅੰਮ੍ਰਿਤਸਰ ਵਿੱਚ 39 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

### ਰੋਹਿਤ ਸ਼ਰਮਾ ਅਤੇ...

ਕਿ ਟੀ-20 ਇੰਟਰਨੈਸ਼ਨਲ 'ਚ ਇਹ ਮੇਰਾ ਆਖਰੀ ਮੈਚ ਸੀ। ਜਦੋਂ ਤੋਂ ਮੈਂ ਇਹ ਫਾਰਮੈਟ ਖੇਡਣਾ ਸ਼ੁਰੂ ਕੀਤਾ, ਮੈਂ ਹਰ ਪਲ ਦਾ ਪੂਰਾ ਆਨੰਦ ਲਿਆ। ਮੈਂ ਵੀ ਆਪਣੇ ਕਰੀਅਰ ਦੀ ਸ਼ੁਰੂਆਤ ਇਸ ਫਾਰਮੈਟ ਵਿੱਚ ਭਾਰਤੀ ਟੀਮ ਨਾਲ ਕੀਤੀ। ਇਸ ਫਾਰਮੈਟ ਤੋਂ ਸੰਨਿਆਸ ਲੈਣ ਦੇ ਫੈਸਲੇ ਦਾ ਸਮਾਂ ਇਸ ਤੋਂ ਵਧੀਆ ਨਹੀਂ ਹੋ ਸਕਦਾ ਸੀ। ਮੈਂ ਕੱਪ ਜਿੱਤਣਾ ਸੀ। ਦੱਸ ਦਈਏ ਕਿ ਜਿੱਥੇ ਭਾਰਤੀ ਟੀਮ ਨੇ ਦੱਖਣੀ ਅਫਰੀਕਾ ਦੇ ਖਿਲਾਫ ਫਾਈਨਲ ਮੈਚ ਵਿੱਚ ਜਿੱਤ ਦੇ ਨਾਲ ਆਈਸੀਸੀ ਟਰਾਫੀ ਦੇ ਸੋਕੇ ਨੂੰ ਖਤਮ ਕੀਤਾ, ਉੱਥੇ ਹੀ ਰੋਹਿਤ ਸ਼ਰਮਾ ਟੀ-20 ਅੰਤਰਰਾਸ਼ਟਰੀ ਵਿੱਚ 50 ਜਿੱਤਾਂ ਆਪਣੇ ਖਾਤੇ ਵਿੱਚ ਪਾਉਣ ਵਾਲੇ ਪਹਿਲੇ ਕਪਤਾਨ ਬਣ ਗਏ। ਦੂਜੇ ਪਾਸੇ ਰੋਹਿਤ ਦੇ ਨਾਲ ਵਿਰਾਟ ਕੋਹਲੀ ਨੇ ਵੀ ਫਾਈਨਲ ਮੈਚ 'ਚ ਸ਼ਾਨਦਾਰ ਪ੍ਰਦਰਸ਼ਨ ਤੋਂ ਬਾਅਦ 'ਪਲੇਅਰ ਆਫ ਦ ਮੈਚ' ਦਾ ਐਵਾਰਡ ਹਾਸਲ ਕਰਕੇ ਕੌਮਾਂਤਰੀ ਕ੍ਰਿਕਟ 'ਚ ਇਸ ਫਾਰਮੈਟ ਤੋਂ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ ਸੀ।

### ਧੋਖਾਧੜੀ ਦੇ ਦੋਸ਼ ਹੇਠ...

ਕਨਾਲ ਵਿਚ ਆਪਣੀ ਫੈਕਟਰੀ ਲਗਵਾਈ ਸੀ। ਫੈਕਟਰੀ ਨੂੰ ਪਾਵਰਕੌਮ ਨੇ ਪੁੱਡਾ ਦੇ ਨਿਯਮਾਂ ਦਾ ਹਵਾਲਾ ਦੇ ਕੇ ਬਿਜਲੀ ਕੁਨੈਕਸ਼ਨ ਨਹੀਂ ਦਿੱਤਾ, ਜਿਸ ਕਰ ਕੇ ਫੈਕਟਰੀ ਚਾਲੂ ਨਾ ਹੋ ਸਕੀ। ਇਸੇ ਦੌਰਾਨ ਕਰਜ਼ੇ ਦੀਆਂ ਕਿਸ਼ਤਾਂ ਨਾ ਦੇਣ ਕਰਕੇ ਪੀਐੱਫ਼ਸੀ ਨੇ ਫੈਕਟਰੀ ਨੂੰ ਅਗਸਤ, 1998 ਵਿਚ ਆਪਣੇ ਹੱਥਾਂ ਵਿਚ ਕਰ ਲਿਆ ਅਤੇ ਅਗਲੇਰੀ ਕਾਰਵਾਈ ਕਰਦਿਆਂ ਫੈਕਟਰੀ ਨੂੰ 14.96 ਲੱਖ ਰੁਪਏ ਵਿਚ ਵੇਚ ਦਿੱਤਾ ਸੀ। ਇਸ ਸਬੰਧੀ ਹਰਪਾਲ ਸਿੰਘ ਨੇ ਦਾਅਵਾ ਕੀਤਾ ਕਿ ਉਸ ਦੀ ਫੈਕਟਰੀ ਕਮਰਸ਼ੀਅਲ ਠਿਕਾਣੇ 'ਤੇ ਹੋਣ ਕਰਕੇ ਉਸ ਦੀ ਕੀਮਤ ਕਰੀਬ 2.5 ਕਰੋੜ ਰੁਪਏ ਸੀ, ਜਿਸ ਨੂੰ ਅਧਿਕਾਰੀਆਂ ਦੀ ਮਿਲੀਭੁਗਤ ਕਰ ਕੇ 14.96 ਲੱਖ ਰੁਪਏ ਵਿਚ ਵੇਚ ਦਿੱਤਾ। ਇਸ ਨਾਲ ਉਨ੍ਹਾਂ ਨੇ ਸਰਕਾਰੀ ਖਜ਼ਾਨੇ ਨੂੰ ਮੋਟਾ ਚੂਨਾ ਲਗਾਇਆ ਹੈ। ਇਸ ਸਬੰਧੀ ਪੁਲਿਸ ਅਧਿਕਾਰੀ ਏਐੱਸਆਈ ਮਨਜੀਤ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਮੁਲਜ਼ਮਾਂ ਖ਼ਿਲਾਫ਼ ਧਾਰਾ 406 ਤੇ 420 ਅਧੀਨ ਇਕ ਕੇਸ ਦਰਜ ਕਰ ਲਿਆ ਗਿਆ ਹੈ। ਮੁਲਜ਼ਮ ਫ਼ਰਾਰ ਦੱਸੇ ਜਾ ਰਹੇ ਹਨ।

### ਮੋਬਾਈਲ ਵਰਤਣ ਵਾਲਿਆਂ ਨੂੰ ਝਟਕਾ!

ਨੰਬਰ ਬਦਲਣਾ ਮੁਸ਼ਕਲ ਹੋਵੇਗਾ ਕਿਉਂਕਿ ਟਰਾਈ ਨੇ ਮੋਬਾਈਲ ਨੰਬਰ ਪੋਰਟੇਬਿਲਟੀ ਨਾਲ ਜੁੜੇ ਨਿਯਮਾਂ ਵਿੱਚ ਬਦਲਾਅ ਕੀਤਾ ਹੈ। ਦਰਅਸਲ ਹਾਲ ਹੀ 'ਚ ਅਜਿਹੇ ਕਈ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ 'ਚ ਲੋਕਾਂ ਦੀ ਨਿੱਜੀ ਜਾਣਕਾਰੀ ਦੀ ਵਰਤੋਂ ਕੀਤੀ ਗਈ ਸੀ ਤੇ ਉਨ੍ਹਾਂ ਦੇ ਸਿਮ ਨੂੰ ਪੋਰਟ ਕੀਤਾ ਗਿਆ ਸੀ। ਇੱਥੋਂ ਤੱਕ ਕਿ ਆਸਾਨ ਸਿਮ ਪੋਰਟਿੰਗ ਦਾ ਦਾਅਵਾ ਕਰਨ ਵਾਲੇ ਸਿਮ ਪ੍ਰੋਵਾਈਡਰਾਂ ਦੇ ਏਜੰਟਾਂ ਨੇ ਵੀ ਲੋਕਾਂ ਨਾਲ ਧੋਖਾ ਕੀਤਾ। ਇਸ ਨੂੰ ਰੋਕਣ ਲਈ ਟਰਾਈ ਨੇ ਸਿਮ ਪੋਰਟਾਂ ਲਈ ਨਵੇਂ ਨਿਯਮ ਬਣਾਏ ਹਨ ਤਾਂ ਜੋ ਉਪਭੋਗਤਾਵਾਂ ਦਾ ਵੇਰਵਾ ਸੁਰੱਖਿਅਤ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਇੱਕ ਨਜ਼ਰ



# ਪੰਜਾਬ ਸਰਕਾਰ ਨੇ ਨਸ਼ਿਆਂ ਦੇ ਕਾਲੇ ਕਾਰੋਬਾਰ ਨਾਲ ਜੁੜੇ ਗੈਰ ਸਮਾਜਿਕ ਅਨਸਰਾਂ ਖਿਲਾਫ ਜ਼ੀਰੋ ਟੋਲਰੈਂਸ ਨੀਤੀ ਅਪਣਾਈ: ਅਮਨ ਅਰੋੜਾ

## ਬਾਹਰੀ ਰਾਜਾਂ ਵਿੱਚੋਂ ਲਿਆ ਕੇ ਸ਼ਰਾਬ ਦੀ ਆੜ ਵਿੱਚ ਜ਼ਹਿਰ ਵੇਚਣ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ

ਸੁਨਾਮ ਊਧਮ ਸਿੰਘ ਵਾਲਾ, 30 ਜੂਨ (ਰਣਜੀਤ ਸਿੰਘ ਪੇਧਨੀ)- ਬਾਹਰੀ ਰਾਜਾਂ ਵਿੱਚੋਂ ਲਿਆ ਕੇ ਸ਼ਰਾਬ ਦੀ ਆੜ ਵਿੱਚ ਜ਼ਿਹਰ ਵੇਚਣ ਵਾਲਿਆਂ ਦੀ ਮਾੜੀ ਸੋਚ ਕਾਰਨ ਕਰੀਬ ਤਿੰਨ-ਚਾਰ ਮਹੀਨੇ ਪਹਿਲਾਂ ਟਿੱਬੀ ਰਵਿਦਾਸਪੁਰਾ ਦੇ ਜਾਨਾਂ ਗੁਆਉਣ ਵਾਲੇ 9 ਮ੍ਰਿਤਕਾਂ ਦੇ ਪੀੜਿਤ ਪਰਿਵਾਰਾਂ ਨੂੰ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪੰਜਾਬ ਸਰਕਾਰ ਦੀ ਤਰਫੋਂ ਵਿੱਤੀ ਸਹਾਇਤਾ ਦੇ ਚੈੱਕ ਪ੍ਰਦਾਨ ਕੀਤੇ। ਟਿੱਬੀ ਰਵਿਦਾਸਪੁਰਾ

ਆਵਾਜ਼ਿ ਕੌਮ AWAZE QAUM International Newspaper & WEB TV

ਦੇ ਗੁਰਦੁਆਰਾ ਸਾਹਿਬ ਵਿਖੇ ਪੀੜਿਤ ਪਰਿਵਾਰਾਂ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪਿਛਲੇ ਮਹੀਨਿਆਂ ਦੌਰਾਨ ਸੁਨਾਮ ਅਤੇ ਦਿੜਬਾ ਹਲਕੇ ਦੇ ਖੇਤਰਾਂ ਵਿੱਚ ਵਾਪਰੀ ਇਸ ਬੇਹਦ ਦੁਖਾਂਤਕ ਘਟਨਾ ਵਿੱਚ ਕੀਮਤੀ ਜਾਨਾਂ ਗੁਆਉਣ ਵਾਲਿਆਂ ਦੀ ਕਮੀ ਨੂੰ ਕਦੇ ਵੀ ਪੂਰਾ ਨਹੀਂ ਕੀਤਾ ਜਾ ਸਕਦਾ ਪਰ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਪੀੜਿਤ ਪਰਿਵਾਰਾਂ ਦੇ ਦੁੱਖ ਨੂੰ ਥੋੜਾ ਘਟਾਉਣ ਦੇ ਯਤਨ ਵਜੋਂ ਪੰਜ-ਪੰਜ ਲੱਖ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ। ਉਨਾਂ ਨੇ ਟਿੱਬੀ ਰਵਿਦਾਸਪੁਰਾ ਦੇ 9 ਪੀੜਿਤ ਪਰਿਵਾਰਾਂ ਨੂੰ 45 ਲੱਖ ਰੁਪਏ ਦੇ ਚੈੱਕ ਵਿੱਤੀ ਸਹਾਇਤਾ ਵਜੋਂ ਸੌਂਪੇ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀ ਸਰਕਾਰ ਹੈ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀ ਗਈ ਇਹ ਸਹਾਇਤਾ ਰਾਸ਼ੀ ਇਹਨਾਂ ਲੋੜਵੰਦ ਗਰੀਬ ਪਰਿਵਾਰਾਂ ਦੀਆਂ ਘਰੇਲੂ ਜਰੂਰਤਾਂ ਨੂੰ ਪੂਰਾ ਕਰਨ ਵਿੱਚ ਸਹਿਯੋਗ ਕਰੇਗੀ। ਉਹਨਾਂ ਕਿਹਾ ਕਿ ਸ਼ਰਾਬ ਦੀ ਆੜ ਵਿੱਚ ਜ਼ਿਹਰ ਵੇਚਣ ਵਾਲੇ ਮੌਤ ਦੇ ਵਪਾਰੀਆਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਦੇਣ ਲਈ ਪੰਜਾਬ ਸਰਕਾਰ ਵਚਨਬੱਧ ਹੈ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸੁਨਾਮ ਹਲਕੇ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਮਾਜ ਵਿੱਚੋਂ ਨਸ਼ਾ ਤਸਕਰਾਂ ਦਾ ਸਫਾਇਆ ਕਰਨ ਲਈ ਪੰਜਾਬ ਸਰਕਾਰ ਨੂੰ ਵਧ ਚੜ ਕੇ ਸਹਿਯੋਗ ਦੇਣ ਤਾਂ ਜੋ ਸੂਬੇ ਅੰਦਰ ਮੁੜ ਅਜਿਹੀਆਂ ਦੁਖਾਂਤਕ ਘਟਨਾਵਾਂ ਨਾ ਵਾਪਰ ਸਕਣ ਅਤੇ ਸਭ ਨਾਗਰਿਕਾਂ ਦੇ ਮਿਲਵਰਤਨ ਨਾਲ ਇਸ ਵੱਡੀ ਸਮਾਜਿਕ ਬੁਰਾਈ ਦਾ ਮੁਕੰਮਲ ਤੌਰ ਤੇ ਖਾਤਮਾ ਕੀਤਾ ਜਾ ਸਕੇ। ਉਹਨਾਂ ਇਹ ਵੀ ਦ੍ਰਿੜਤਾ ਨਾਲ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਿਆਂ ਦੇ ਕਾਲੇ ਕਾਰੋਬਾਰ ਨਾਲ ਜੁੜੇ ਗੈਰ ਸਮਾਜਿਕ ਅਨਸਰਾਂ ਖਿਲਾਫ ਜ਼ੀਰੋ ਟੋਲਰੈਂਸ ਨੀਤੀ ਅਪਣਾਈ ਹੋਈ ਹੈ ਅਤੇ ਭੋਲੇ ਭਾਲੇ ਲੋਕਾਂ ਨੂੰ ਨਸ਼ਿਆਂ ਦੀ ਭੇਟ ਚੜਾਉਣ ਵਾਲੇ ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀਂ ਜਾ ਰਿਹਾ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਮੁਕੇਸ਼ ਜੁਨੇਜਾ, ਪ੍ਰਧਾਨ ਨਗਰ ਕੌਂਸਲ ਨਿਸ਼ਾਨ ਸਿੰਘ ਟੋਨੀ, ਅਮਰੀਕ ਸਿੰਘ ਧਾਲੀਵਾਲ, ਗੁਰਤੇਗ ਸਿੰਘ ਨਿੱਕਾ, ਬਲਾਕ ਪ੍ਰਧਾਨ ਸਾਹਿਬ ਸਿੰਘ, ਭਾਨੂੰ ਪ੍ਰਤਾਪ, ਗੁਰਪ੍ਰਤਾਪ ਸਿੰਘ, ਤਰਸੇਮ ਸਿੰਘ ਕਾਲਾ ਟਿੱਬੀ, ਸੋਹਨ ਸਿੰਘ, ਜੋਗਿੰਦਰ ਸਿੰਘ ਵੀ ਹਾਜ਼ਰ ਸਨ।

# ਕੁੱਝ ਮਹੀਨੇ ਪਹਿਲਾਂ ਹੀ ਆਪ 'ਚ ਸ਼ਾਮਿਲ ਹੋਏ ਨਗਰ ਕੌਂਸਲ ਦੇ ਪ੍ਰਧਾਨ ਸੰਜੀਵ ਕੁਮਾਰ ਲਵਲੀ ਨੂੰ ਅਹੁਦੇ ਤੋਂ ਹਟਾਇਆ


ਜੰਡਿਆਲਾ ਗੁਰੂ, 30 ਜੂਨ ( ਕੁਲਵੰਤ ਸਿੰਘ ਵਿਰਦੀ) ਕੁੱਝ ਮਹੀਨੇ ਪਹਿਲਾਂ ਹੀ ਕਾਂਗਰਸ ਪਾਰਟੀ ਨੂੰ



ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਨਗਰ ਕੌਂਸਲ ਜੰਡਿਆਲਾ ਗੁਰੂ ਦੇ ਪ੍ਰਧਾਨ ਸੰਜੀਵ ਕੁਮਾਰ ਲਵਲੀ ਨੂੰ ਨਗਰ ਕੌਂਸਲ ਜੰਡਿਆਲਾ ਗੁਰੂ ਦੇ ਪ੍ਰਧਾਨ ਦੀਆਂ ਸ਼ਕਤੀਆਂ ਦਾ ਗਲਤ ਇਸਤੇਮਾਲ ਕਰਨ, ਜ਼ਿੰਮੇਵਾਰੀ ਵਿੱਚ ਲਾਪ੍ਰਵਾਹੀ ਕੁਤਾਈ ਵਰਤਣ ਦੇ ਦੋਸ਼ਾਂ ਤਹਿਤ ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਸਥਾਨਕ ਸਰਕਾਰ ਵਿਭਾਗ ਵੱਲੋਂ ਪ੍ਰਧਾਨਗੀ ਦੇ ਅਹੁਦੇ ਤੋਂ ਫਾਰਗ ਕਰ ਦਿੱਤਾ ਗਿਆ ਇਸ ਸੰਬੰਧੀ ਸਰਕਾਰ ਵੱਲੋਂ ਪ੍ਰਧਾਨ ਸੰਜੀਵ ਕੁਮਾਰ ਲਵਲੀ ਨੂੰ ਕਾਰਨ ਦੱਸੋ ਨੋਟਿਸ ਵੀ ਜਾਰੀ ਕੀਤਾ ਗਿਆ ਸੀ ਜਿਸ ਦਾ ਜਵਾਬ ਦੇਣ ਲਈ ਲਵਲੀ ਦੀ ਬੇਐ ਨੂੰ ਵਿਚਾਰਦੇ ਹੋਏ ਉਸ ਨੂੰ ਦਫ਼ਤਰੀ ਰਿਕਾਰਡ ਵੀ ਉਪਲਬੱਧ ਕਰਵਾ ਦਿੱਤਾ ਗਿਆ ਸੀ ਸੰਜੀਵ ਕੁਮਾਰ ਲਵਲੀ ਨੂੰ ਸਰਕਾਰ ਵਲੋਂ 30-01-2024 ਨੂੰ ਨੋਟਿਸ ਜਾਰੀ ਕੀਤਾ ਗਿਆ ਇਸ ਜਿਸ ਅਨੁਸਾਰ 21 ਦਿਨਾਂ ਦੇ ਵਿਚ ਜਵਾਬ ਦੇਣਾ ਨਿਸ਼ਿਚਤ ਕੀਤਾ ਗਿਆ ਦਾ ਜਵਾਬ 4 ਮਾਰਚ 24 ਨੂੰ ਦਿੱਤਾ ਜਦੋਂ ਕਿ ਉਸ ਦਾ ਸਮਾਂ 22 ਫਰਵਰੀ 2024 ਨੂੰ ਪੂਰਾ ਹੋ ਚੁੱਕਾ ਸੀ ਸਰਕਾਰ ਵਲੋਂ ਪ੍ਰਧਾਨ ਸੰਜੀਵ ਕੁਮਾਰ ਲਵਲੀ ਨੂੰ ਮਿਊਸਿਪਲ ਐਕਟ 1191 ਦੀ ਧਾਰਾ 22 ਅਧੀਨ ਜਾਰੀ ਕੀਤੇ ਕਾਰਨ ਦੱਸੋ ਨੋਟਿਸ ਦੇ ਸਬੰਧ ਵਿੱਚ ਪੇਸ਼ ਕੀਤੇ ਜਵਾਬ ਨੂੰ ਨਾ ਮੰਨਦੇ ਹੋਏ ਅਤੇ ਪ੍ਰਧਾਨ ਸੰਜੀਵ ਕੁਮਾਰ ਲਵਲੀ ਵਲੋਂ ਬਤੌਰ ਪ੍ਰਧਾਨ ਨਗਰ ਕੌਂਸਲ ਦੀਆਂ ਸ਼ਕਤੀਆਂ ਦਾ ਗਲਤ ਇਸਤੇਮਾਲ ਕਰਦੇ ਹੋਏ ਆਪਣੀ ਡਿਊਟੀ ਜ਼ਿੰਮੇਵਾਰੀ ਵਿੱਚ ਲਾਪ੍ਰਵਾਹੀ ਅਤੇ ਕੁਤਾਈ ਵਰਤਣ ਦੇ ਅਤੇ ਹੋਰ ਦੇਸ਼ਾਂ ਹੇਠ ਪੰਜਾਬ ਮਿਊਸਪਲ ਐਕਟ ਦੀ ਧਾਰਾ 22 ਦੀ ਦੁਰਵਰਤੋਂ ਕਰਨ ਦੇ ਦੋਸ਼ਾਂ ਵਿਚ ਨਗਰ ਕੌਂਸਲ ਜੰਡਿਆਲਾ ਗੁਰੂ ਦੇ ਪ੍ਰਧਾਨਗੀ ਦੇ ਅਹੁਦੇ ਤੋਂ ਫਾਰਗ ਕਰ ਦਿੱਤਾ ਗਿਆ ਇਸ ਸੰਬੰਧੀ ਸੰਜੀਵ ਕੁਮਾਰ ਲਵਲੀ ਦਾ ਪੱਖ ਜਾਣਨ ਲਈ ਉਹਨਾਂ ਨੂੰ ਫੋਨ ਲਗਾਇਆ ਗਿਆ ਤਾਂ ਉਹਨਾਂ ਕਿਹਾ ਕਿ ਉਹਨਾਂ ਨੂੰ ਇਸ ਸੰਬੰਧੀ ਕੋਈ ਆਰਡਰ ਜਾਂ ਕਾਗਜ ਪੱਤਰ ਨਹੀਂ ਮਿਲਿਆ।

# ਅਧਿਆਪਕਾਂ ਲਈ ਲਗਾਈ ਵਰਕਸ਼ਾਪ

ਫ਼ਿਰੋਜ਼ਪੁਰ, 30 ਜੂਨ (ਮਨੋਹਰ ਲਾਲ) : ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵੱਲੋਂ ਸਮੇਂ—ਸਮੇਂ ਤੇ ਸਕੂਲ ਵਿਚ ਸਮਾਗਮ ਕਰਵਾ ਕੇ ਸਕੂਲੀ ਬੱਚਿਆਂ ਨੂੰ ਸਮੇਂ ਦੇ ਹਾਣੀ ਅਤੇ ਹਰ ਦਿਨ—ਤਿਉਹਾਰ ਤੋਂ ਜਾਣੂ ਕਰਵਾਇਆ ਜਾਂਦਾ ਹੈ। ਇਸੀ ਦੇ ਚਲਦਿਆਂ ਸਕੂਲ ਵਿਚ ਅਧਿਆਪਕਾਂ ਲਈ ਸਿਖਲਾਈ—ਕਮ—ਵਰਕਸ਼ਾਪ ਲਗਾਈ ਗਈ, ਜਿਸ ਵਿਚ ਮੁੱਖ ਮਹਿਮਾਨ ਵਜੋਂ ਸ਼ਵੇਤਾ ਮਲਿਕ ਨੇ ਸ਼ਿਰਕਤ ਕਰਕੇ ਅਧਿਆਪਕਾਂ ਨੂੰ ਨਵੀਂ ਸਿੱਖਿਆ ਨੀਤੀ, ਰਾਸ਼ਟਰੀ ਸਿੱਖਿਆ ਨੀਤੀ (ਐਨ.ਈ.ਪੀ.) ਅਤੇ ਰਾਸ਼ਟਰੀ ਪਾਠਕ੍ਰਮ ਫਰੇਮਵਰਕ (ਐਨ.ਸੀ.ਐਫ.) ਵਿੱਚ ਅਧਿਆਪਨ ਵਿਧੀ ਵਿੱਚ ਆਈਆਂ ਕਾਢਾਂ ਬਾਰੇ ਜਾਣੂ ਕਰਵਾਇਆ ਤਾਂ ਜੋ ਅਧਿਆਪਕ ਇਸ ਦੀ ਪਾਲਣਾ ਕਰਕੇ ਆਪਣੇ ਅਧਿਆਪਨ ਨੂੰ ਪ੍ਰਭਾਵਸ਼ਾਲੀ ਬਣਾ ਸਕਣ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਇਹ ਨੀਤੀ ਬੱਚਿਆਂ ਦਾ ਸਰਵਪੱਖੀ ਵਿਕਾਸ ਪ੍ਰਦਾਨ ਕਰ ਸਕਦੀ ਹੈ। ਉਨ੍ਹਾਂ ਅਧਿਆਪਕਾਂ ਨੂੰ ਅਧਿਆਪਨ ਦੇ ਨਿਵੇਕਲੇ ਢੰਗਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਸ ਨੀਤੀ ਦਾ ਮੁੱਖ ਉਦੇਸ਼ ਸਿੱਖਿਆ ਦੇ ਨਾਲ-ਨਾਲ ਵਿਦਿਆਰਥੀਆਂ ਵਿੱਚ ਸਿੱਖਣ ਦੀ ਸਮਰੱਥਾ ਅਤੇ ਕਾਰਜ ਕੁਸ਼ਲਤਾ ਨੂੰ ਉਤਸ਼ਾਹਿਤ ਕਰਨਾ ਹੈ, ਸਕੂਲ ਮੈਨੇਜਮੈਂਟ ਮਾਹਿਰ ਟ੍ਰੇਨਰਾਂ ਰਾਹੀਂ ਅਧਿਆਪਕਾਂ ਨੂੰ ਸਮੇਂ—ਸਮੇਂ ਤੇ ਜਾਣਕਾਰੀ ਪ੍ਰਦਾਨ ਕਰਦੀ ਹੈ। ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਅਧਿਆਪਕਾਂ ਨੂੰ ਇਸ ਨੀਤੀ ਰਾਹੀਂ ਆਪਣੀ ਪੜ੍ਹਾਉਣ ਦੀ ਵਿਧੀ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਕੂਲ ਭਵਿੱਖ ਵਿੱਚ ਵੀ ਅਜਿਹੇ ਸੈਮੀਨਾਰ—ਕਮ—ਸਿਖਲਾਈ ਅਤੇ ਵਰਕਸ਼ਾਪਾਂ ਦਾ ਆਯੋਜਨ ਜਾਰੀ ਰੱਖੇਗਾ। ਸਕੂਲ ਕਮੇਟੀ ਦੇ ਜਨਰਲ ਸਕੱਤਰ ਸ਼ਿਵਮ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਪ੍ਰਿੰਸੀਪਲ ਰੇਖਾ ਪਾਸੀ ਨੇ ਸਿਖਲਾਈ ਕਮ ਵਰਕਸ਼ਾਪ ਦੇ ਸਫਲਤਾਪੂਰਵਕ ਆਯੋਜਨ ਲਈ ਅਧਿਆਪਕਾਂ ਨੂੰ ਵਧਾਈ ਦਿੱਤੀ। ਇਸ ਮੌਕੇ ਸਕੂਲ ਦੇ ਸਮੂਹ ਅਧਿਆਪਕ ਹਾਜ਼ਰ ਸਨ।




Nankana Sahib Yatra Committe Uk
pakistan gurdwara yatra
6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches
ਪਾਕਿਸਤਾਨ ਵਿਖੇ ਸ਼੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ

Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

Raghbir Singh Walsal

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

100% VEGETARIAN PURE AND NATURAL

Enjoy Real Taste of PUNJAB

KD

FULLY A.C. HALL

Khehra VAISHNO DHABA

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ

ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ

ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ

ੋ ਹੋੜਾ, ੌ ਕਨੌੜਾ, ੰ ਟਿੱਪੀ, ਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ
ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ
ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ
ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ
ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ
ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ
ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ
ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ
ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

## ਇੱਕ ਨਜ਼ਰ



# ਜਿਲ੍ਹਾ ਪੁਲਿਸ ਸੰਗਰੂਰ ਵੱਲੋਂ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ

ਸੰਗਰੂਰ, 30 ਜੂਨ (ਰਣਜੀਤ ਸਿੰਘ ਪੇਧਨੀ)- ਐਸ.ਐਸ.ਪੀ. ਸੰਗਰੂਰ ਸਰਤਾਜ ਸਿੰਘ ਚਾਹਲ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਲ੍ਹਾ ਪੁਲਿਸ ਸੰਗਰੂਰ ਵੱਲੋਂ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਦੌਰਾਨ ਸ੍ਰੀ ਹਰਚਰਨ ਸਿੰਘ ਭੁੱਲਰ, ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਪਟਿਆਲਾ ਰੇਂਜ ਪਟਿਆਲਾ ਦੇ ਦਿਸ਼ਾ ਨਿਰਦੇਸ਼ ਅਨੁਸਾਰ CASO ਓਪਰੇਸ਼ਨ ਤਹਿਤ ਜਿਲ੍ਹਾ ਸੰਗਰੂਰ ਦੇ ਵੱਖ ਵੱਖ ਥਾਂਵਾਂ ਵਿਖੇ 04 ਮੁਕੱਦਮੇ ਦਰਜ, 04 ਦੋਸੀ ਗ੍ਰਿਫਤਾਰ, 100 ਗ੍ਰਾਮ ਹੈਰੋਇਨ, 560 ਨਸੀਲੀਆਂ ਗੋਲੀਆਂ, 55 ਬੋਤਲਾਂ ਨਜਾਇਜ ਸਰਾਬ ਬ੍ਰਾਮਦ, 01 ਦੋਸੀ ਐਨ.ਡੀ.ਪੀ.ਐਸ ਮੁਕੱਦਮਾ ਦਾ ਗ੍ਰਿਫਤਾਰ, 02 UN-Identified ਮੋਟਰਸਾਇਕਲ ਜਬਤ, 02 ਖਿਲਾਫ 110 ਜਾਬਤਾ ਫੋਜਦਾਰੀ ਦੀ ਕਾਰਵਾਈ ਕੀਤੀ ਗਈ। ਸਰਤਾਜ ਸਿੰਘ ਚਾਹਲ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿਤੀ 30.06.2024 ਨੂੰ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਪਟਿਆਲਾ ਰੇਂਜ ਪਟਿਆਲਾ ਦੇ ਦਿਸ਼ਾ ਨਿਰਦੇਸ਼ ਅਨੁਸਾਰ CASO ਓਪਰੇਸ਼ਨ ਦੌਰਾਨ ਸ਼ਹਿਰ ਧੂਰੀ, ਸੰਗਰੂਰ, ਭਵਾਨੀਗੜ੍ਹ, ਸੁਨਾਮ-ਚੀਮਾ, ਦਿੜਬਾ, ਲਹਿਰਾ ਅਤੇ ਮੂਨਕ ਵਿਖੇ ਸਬ-ਡਵੀਜਨ ਡੀ.ਐਸ.ਪੀਜ ਅਤੇ ਹੋਰ ਗਜਟਿਡ ਅਫਸਰਾਂ ਦੀ ਨਿਗਰਾਨੀ ਹੇਠ ਸਰਚ ਕਰਵਾਕੇ ਸ਼ੱਕੀ ਪੁਰਸਾਂ ਅਤੇ ਥਾਵਾਂ ਦੀ ਚੈਕਿੰਗ ਕੀਤੀ ਗਈ। ਦੌਰਾਨੇ ਸਰਚ ਕ੍ਰਮਵਾਰ ਥਾਣਾ ਸਦਰ ਧੂਰੀ, ਸੇਰਪੁਰ, ਭਵਾਨੀਗੜ੍ਹ ਅਤੇ ਚੀਮਾਂ ਵਿਖੇ 04 ਮੁਕੱਦਮੇ ਦਰਜ ਕਰਕੇ 04 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ 100 ਗ੍ਰਾਮ ਹੈਰੋਇਨ, 480 ਨਸ਼ੀਲੀਆਂ ਗੋਲੀਆਂ, 55 ਬੋਤਲਾਂ ਨਜਾਇਜ ਸਰਾਬ ਅਤੇ 80 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈਆਂ ਗਈਆਂ। ਇਸ ਤੋਂ ਇਲਾਵਾ ਥਾਣਾ ਦਿੜਬਾ ਵਿਖੇ ਪਹਿਲਾਂ ਦਰਜ ਮੁਕੱਦਮਾ ਨੰਬਰ 76 ਮਿਤੀ 26.06.2024 ਅ/ਧ 29 ਐਨ.ਡੀ.ਪੀ.ਐਸ ਐਕਟ ਥਾਣਾ ਦਿੜਬਾ ਦੇ 01 ਦੋਸੀ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ 02 UN-Identified ਮੋਟਰਸਾਇਕਲ ਜਬਤ ਕੀਤੇ ਗਏ। ਥਾਣਾ ਸਿਟੀ ਸੁਨਾਮ ਵਿਖੇ 02 ਵਿਅਕਤੀਆਂ ਖਿਲਾਫ 110 ਜਾਬਤਾ ਫੋਜਦਾਰੀ ਅਧੀਨ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਉਨ੍ਹਾਂ ਕਿਹਾ ਕਿ ਮਾੜੇ ਅਨਸਰਾਂ ਖਿਲਾਫ ਕਾਰਵਾਈ ਜਾਰੀ ਰਹੇਗੀ। ਜ਼ਿਲ੍ਹਾ ਪੁਲਿਸ ਮੁਖੀ ਵਲੋਂ ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ 'ਮਿਸ਼ਨ ਸਹਿਯੋਗ' ਅਧੀਨ ਪੁਲਿਸ ਦਾ ਸਾਥ ਦੇਣ ਲਈ ਅਪੀਲ ਕੀਤੀ ਗਈ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।

### ਪੰਜਾਬੀ ਕਲਚਰਲ ਕੌਂਸਲ ਤੇ ਵਰਲਡ ਗੱਤਕਾ ਫੈਡਰੇਸ਼ਨ ਵੱਲੋਂ

# ਤਨਮਨਜੀਤ ਢੇਸੀ ਨੂੰ ਯੂਕੇ ਸੰਸਦੀ ਚੋਣ 'ਚ ਵੱਡੇ ਫਰਕ ਨਾਲ ਜਿਤਾਉਣ ਦੀ ਗੁਜ਼ਾਰਿਸ਼



ਲੰਦਨ, 30 ਜੂਨ (ਆਵਾਜ਼ਿ ਕੌਮ ਬਿਊਰੋ)- ਪੰਜਾਬੀ ਕਲਚਰਲ ਕੌਂਸਲ ਅਤੇ ਵਿਸ਼ਵ ਗੱਤਕਾ ਫੈਡਰੇਸ਼ਨ ਨੇ ਸਾਂਝੇ ਤੌਰ 'ਤੇ ਸਮੂਹ ਵੋਟਰਾਂ ਨੂੰ ਬਰਤਾਨੀਆਂ ਦੇ ਸਲੌਅ ਸੰਸਦੀ ਹਲਕੇ ਤੋਂ ਦੂਜੀ ਵਾਰ ਚੋਣ ਲੜ ਰਹੇ ਸਿੱਖ ਸੰਸਦ ਮੈਂਬਰ ਤਨਮਨਜੀਤ ਸਿੰਘ ਢੇਸੀ ਦੀ ਪੁਰਜ਼ੋਰ ਮੱਦਦ ਕਰਨ ਅਤੇ ਵੱਡੇ ਫਰਕ ਨਾਲ ਜਿਤਾਉਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕਾਰਜਕਾਲ ਦੌਰਾਨ ਢੇਸੀ ਨੇ ਬਰਤਾਨਵੀ ਸੰਸਦ ਵਿੱਚ ਹਰ ਵਰਗ ਦਾ ਮਜ਼ਬੂਤੀ ਨਾਲ ਪੱਖ ਰੱਖਦੇ ਹੋਏ ਇੱਕ ਸਮਰਪਿਤ ਅਤੇ ਪ੍ਰਭਾਵਸ਼ਾਲੀ ਬੁਲਾਰੇ ਵਜੋਂ ਇਤਿਹਾਸ ਰਚਿਆ ਹੈ ਅਤੇ ਢੇਸੀ ਵੱਲੋਂ ਠੋਕਵੀਂ ਉਸਾਰੂ ਬਹਿਸ ਦੀ ਸਮਰੱਥਾ ਸਦਕਾ ਉਸ ਨੂੰ ਹਾਊਸ ਆਫ਼ ਕਾਮਨਜ਼ ਵਿੱਚ ਖਾਸ ਕਰਕੇ ਪ੍ਰਵਾਸੀਆਂ ਦੇ ਹਿੱਤਾਂ ਲਈ ਇੱਕ ਪ੍ਰਭਾਵਸ਼ਾਲੀ ਵਕੀਲ ਵਜੋਂ ਦੇਖਿਆ ਜਾਂਦਾ ਹੈ। ਬਰਤਾਨੀਆ, ਵਿਸ਼ੇਸ਼ ਕਰਕੇ ਸਲੌਅ ਹਲਕੇ ਦੇ ਵੋਟਰਾਂ ਅਤੇ ਸਮਰਥਕਾਂ ਨੂੰ ਇਸ ਭਾਵਪੂਰਤ ਅਪੀਲ ਵਿੱਚ ਪੰਜਾਬੀ ਕਲਚਰਲ ਕੌਂਸਲ ਦੇ ਚੇਅਰਮੈਨ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਇੰਨਾਂ ਚੋਣਾਂ ਨੇ ਬਰਤਾਨੀਆ ਦੇ ਮੂਲ ਨਿਵਾਸੀਆਂ ਅਤੇ ਸਮੂਹ ਪ੍ਰਵਾਸੀਆਂ ਲਈ ਤਨਮਨਜੀਤ ਢੇਸੀ ਦੀ ਮਿਸਾਲੀ ਲੀਡਰਸ਼ਿਪ ਵਿੱਚ ਆਪਣਾ ਵਿਸ਼ਵਾਸ ਮੁੜ ਪ੍ਰਗਟ ਕਰਨ ਦਾ ਇੱਕ ਬਿਹਤਰੀਨ ਮੌਕਾ ਦਿੱਤਾ ਹੈ। ਉਨਾਂ ਕਿਹਾ ਕਿ ਢੇਸੀ ਨੇ ਆਪਣੇ ਪਿਛਲੇ ਕਾਰਜਕਾਲ ਦੌਰਾਨ ਸਲੌਅ ਹਲਕੇ ਦੇ ਲੋਕਾਂ ਦੀ ਅਣਥੱਕ ਸੇਵਾ ਕੀਤੀ ਹੈ ਅਤੇ ਉਨ੍ਹਾਂ ਦੀਆਂ ਮੁਸ਼ਿਕਲਾਂ ਨੂੰ ਜ਼ੋਰਦਾਰ ਢੰਗ ਨਾਲ ਬਰਤਾਨਵੀ ਸਦਨ ਦੇ ਸਾਹਮਣੇ ਉਠਾਇਆ ਹੈ। ਇਸ ਤੋਂ ਇਲਾਵਾ ਢੇਸੀ ਵੱਲੋਂ ਯੂਕੇ ਅਤੇ ਭਾਰਤ ਦੋਵਾਂ ਮੁਲਕਾਂ ਵਿੱਚ ਪੰਜਾਬੀ ਭਾਈਚਾਰੇ ਦੀਆਂ ਮੰਗਾਂ ਦੀ ਪੂਰਤੀ ਲਈ ਜ਼ੋਰਦਾਰ ਵਕਾਲਤ ਕੀਤੀ ਗਈ ਜਿੰਨਾਂ ਵਿੱਚ ਉਚੇਚੇ ਤੌਰ ਉਤੇ ਚੰਡੀਗੜ੍ਹ ਅਤੇ ਅੰਮ੍ਰਿਤਸਰ ਦੇ ਹਵਾਈ ਅੱਡਿਆਂ ਨੂੰ ਯੂਕੇ ਨਾਲ ਜੋੜਨ ਲਈ ਇੱਥੋਂ ਲੰਦਨ ਨੂੰ ਸਿੱਧੀਆਂ ਉਡਾਣਾ ਸ਼ੁਰੂ ਕਰਨ ਵਾਸਤੇ ਲਗਾਤਾਰ ਪੈਰਵੀ ਕਰਨਾ ਸ਼ਾਮਲ ਹੈ। ਗਰੇਵਾਲ ਨੇ ਪ੍ਰਵਾਸੀਆਂ ਭਾਰਤੀਆਂ ਵਿੱਚ ਪੰਜਾਬੀ ਸੱਭਿਆਚਾਰ ਅਤੇ ਪੰਜਾਬੀਅਤ ਦੀ ਭਾਵਨਾ ਨੂੰ ਬਰਕਰਾਰ ਰੱਖਣ ਲਈ ਢੇਸੀ ਦੀ ਅਟੁੱਟ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਬਰਤਾਨਵੀ ਅਤੇ ਪ੍ਰਵਾਸੀ ਭਾਰਤੀ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਗਤੀਸ਼ੀਲ ਨੌਜਵਾਨ ਆਗੂ ਸਮੇਤ ਇਹ ਆਮ ਚੋਣਾਂ ਲੜ ਰਹੇ ਲੇਬਰ ਪਾਰਟੀ ਦੇ ਹੋਰ ਆਗੂਆਂ ਦਾ ਤਨੋ-ਮਨੋ ਸਮਰਥਨ ਕਰਨ ਅਤੇ ਸਲੌਅ ਵਿੱਚ ਆਪਣੇ ਦੋਸਤਾਂ-ਰਿਸ਼ਤੇਦਾਰਾਂ ਨੂੰ ਢੇਸੀ ਨੂੰ ਵੋਟਾਂ ਪਾਉਣ ਲਈ ਪ੍ਰੇਰਿਤ ਕਰਨ। ਗੱਤਕਾ ਪ੍ਰਮੋਟਰ ਹਰਜੀਤ ਗਰੇਵਾਲ, ਜੋ ਕਿ ਵਿਸ਼ਵ ਗੱਤਕਾ ਫੈਡਰੇਸ਼ਨ ਦੇ ਪ੍ਰਧਾਨ ਵੀ ਹਨ, ਨੇ ਅੱਗੇ ਕਿਹਾ ਕਿ ਢੇਸੀ ਦਾ ਯੋਗਦਾਨ ਰਾਜਨੀਤੀ ਤੋਂ ਪਰੇ ਹੈ ਅਤੇ ਉਹ ਲਗਭਗ ਇੱਕ ਦਹਾਕੇ ਤੋਂ ਯੂਕੇ ਗੱਤਕਾ ਫੈਡਰੇਸ਼ਨ ਦੀ ਅਗਵਾਈ ਕਰਦੇ ਹੋਏ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿੱਚ ਲਗਾਤਾਰ ਕੌਮੀ ਪੱਧਰੀ ਗੱਤਕਾ ਚੈਂਪੀਅਨਸ਼ਿਪਾਂ ਦਾ ਆਯੋਜਨ ਕਰਵਾ ਰਹੇ ਹਨ। ਉਹ ਬਰਤਾਨੀਆ ਵਿੱਚ ਗੱਤਕਾ ਖੇਡ ਸਮੇਤ ਹੋਰ ਖੇਡਾਂ ਨੂੰ ਵੀ ਪ੍ਰਫੁੱਲਤ ਕਰ ਰਹੇ ਹਨ।

### ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ

# ਪਿੰਡਾਂ ਵਿੱਚ 'ਰੁੱਖ ਲਗਾਓ-ਪਾਣੀ ਬਚਾਓ' ਤਹਿਤ 10,000 ਦੇ ਕਰੀਬ ਪੋਸਟਰ ਵੰਡਣ ਦੀ ਮੁਹਿੰਮ ਆਰੰਭੀ

**ਇਤਿਹਾਸਕ ਗੁਰਦੁਆਰਾ ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਤੋਂ ਕੀਤੀ ਸ਼ੁਰੂਆਤ • ਟੈਲੀ ਫਿਲਮ 'ਜਲ ਹੈ ਤਾਂ ਕੱਲ੍ਹ ਹੈ' ਦੇ ਲੇਖਕ, ਅਤੇ ਡਾਇਰੈਕਟਰ ਸੁਲੱਖਣ ਸਿੰਘ ਦਿਓਲ, ਕਲਾਕਾਰ ਸਕੱਤਰ ਸਿੰਘ..**




ਚੌਂਕ ਮਹਿਤਾ, 30 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)- ਅੱਜ ਇੱਥੇ ਪਿਛਲੇ 38 ਸਾਲਾਂ ਤੋਂ ਪੰਜਾਬੀ ਮਾਂ ਬੋਲੀ ਦੀ ਸੇਵ ਵਿੱਚ ਨਿਰੰਤਰ ਜੁਟੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ, ਪਿੰਡਾਂ ਵਿੱਚ "ਰੁੱਖ ਲਗਾਓ-ਪਾਣੀ ਬਚਾਓ" ਤਹਿਤ 10,000 ਦੇ ਕਰੀਬ ਪੋਸਟਰ ਵੰਡਣ ਦੀ ਮੁਹਿੰਮ ਆਰੰਭੀ ਗਈ, ਜਿਸਦੀ ਕਿ ਰਸਮੀਂ ਸ਼ੁਰੂਆਤ ਇਤਿਹਾਸਕ ਗੁਰਦੁਆਰਾ ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਤੋਂ ਅਰਦਾਸ ਬੇਨਤੀ ਕਰਨ ਉਪਰੰਤ, ਸੰਗਤਾਂ ਵਿੱਚ ਪੋਸਟਰ ਵੰਡਣ ਨਾਲ ਕੀਤੀ ਗਈ । ਇਸ ਮੌਕੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਭਾਈ ਗੁਰਪ੍ਰੀਤ ਸਿੰਘ ਮੱਲੇਵਾਲ ਮੈਨੇਜਰ ਗੁ: ਪਾਤਸ਼ਾਹੀ ਨੌਵੀਂ ਅਤੇ ਇੰਚਾਰਜ ਸੁਖਵਿੰਦਰ ਸਿੰਘ ਬੁਤਾਲਾ ਆਦਿ ਨੇ ਇਸ ਟੀਮ ਨੂੰ ਪਿੰਡਾਂ ਵਿੱਚ ਪੋਸਟਰ ਵੰਡਣ ਦੇ ਪ੍ਰਚਾਰ ਲਈ ਰਵਾਨਾ ਕੀਤਾ । ਇਸ ਮੌਕੇ ਟੈਲੀ ਫਿਲਮ "ਜਲ ਹੈ ਤਾਂ ਕੱਲ੍ਹ ਹੈ" ਦੇ ਲੇਖਕ, ਅਤੇ ਡਾਇਰੈਕਟਰ ਸੁਲੱਖਣ ਸਿੰਘ ਦਿਓਲ, ਕਲਾਕਾਰ ਸਕੱਤਰ ਸਿੰਘ ਪੁਰੇਵਾਲ, ਗਾਇਕ ਗੁਰਮੇਜ ਸਹੋਤਾ, ਡਾ: ਕੁਲਵੰਤ ਸਿੰਘ ਬਾਠ ਵੈਟਰਨਰੀ ਅਫਸਰ ਨੇ ਕਿਹਾ ਕਿ ਅੱਜ ਗਰਮੀ ਨਾਲ ਲੋਕ ਤਰਾਸ-ਤਰਾਸ ਕਰ ਰਹੇ ਹਨ, ਜਿਸ ਦਾ ਕਾਰਣ ਹਰਿਆਲੀ ਭਰੇ ਰੁੱਖਾਂ ਦਾ ਕੱਟੇ ਜਾਣਾ ਹੈ, ਉਨ੍ਹਾਂ ਕਿਹਾ ਕਿ ਸਾਨੂੰ ਹਰਿਆਲੀ ਭਰੇ ਰੁੱਖ ਲਾਉਣੇ ਚਾਹੀਦੇ ਹਨ ਅਤੇ ਪਾਣੀ ਦੀ ਵੱਧ ਤੋਂ ਵੱਧ ਬੱਚਤ ਕਰਨੀ ਚਾਹੀਦੀ ਹੈ । ਇਸ ਮੌਕੇ ਗਾਇਕ ਮੱਖਣ ਸਿੰਘ ਭੈਣੀਵਾਲਾ, ਸਾਬ ਸਰਾਂ, ਗੁਰਪ੍ਰੀਤ ਸਿੰਘ ਪੁਰੇਵਾਲ, ਗੇਜਾ ਖਡੂਰ ਸਾਹਿਬ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੀ ਮਹਿਲਾ ਵਿੰਗ ਦੀ ਪ੍ਰਧਾਨ ਸੁਖਵੰਤ ਕੌਰ ਵੱਸੀ, ਸਰਬਜੀਤ ਸਿੰਘ ਪੱਡਾ, ਬਲਵਿੰਦਰ ਸਿੰਘ ਅਠੌਲਾ, ਸਤਨਾਮ ਸਿੰਘ, ਤਰਸੇਮ ਸਿੰਘ ਸਰਾਂ ਤਲਵੰਡੀ, ਅਰਮਾਨਜੀਤ ਸਿੰਘ ਦਿਓਲ, ਲਖਵਿੰਦਰ ਸਿੰਘ ਉੱਪਲ, ਅੰਗਰੇਜ ਸਿੰਘ ਖਡੂਰ ਸਾਹਿਬ, ਗੁਰਪ੍ਰੀਤ ਸਿੰਘ ਪੁਰੇਵਾਲ, ਮਾ: ਬਲਬੀਰ ਸਿੰਘ ਬੀਰ, ਅਮਰਜੀਤ ਸਿੰਘ ਘੁੱਕ, ਸਰਬਜੀਤ ਸਿੰਘ ਲਾਡੀ ਆਦਿ ਹਾਜ਼ਰ ਸਨ ।

# ਰਾਜਸਥਾਨ ਦੀ ਜੁਡੀਸ਼ੀਅਲ ਪ੍ਰੀਖਿਆ 'ਚ ਅੰਮ੍ਰਿਤਧਾਰੀ ਸਿੱਖ ਉਮੀਦਵਾਰਾਂ ਨਾਲ ਵਿਤਕਰਾ ਬੇਹੱਦ ਦੁਖਦਾਈ ਤੇ ਅਨਿਆਂਪੂਰਨ: ਐਡਵੋਕੇਟ ਧਾਮੀ

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਵੀ ਅਪੀਲ ਕੀਤੀ ਕਿ ਉਹ ਸਮੇਂ-ਸਮੇਂ ਸਾਹਮਣੇ ਆਉਂਦੀਆਂ ਅਜਿਹੀਆਂ ਸਿੱਖ-ਵਿਰੋਧੀ....**



ਨਵੀਂ ਦਿੱਲੀ, 30 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਰਾਜਸਥਾਨ ਦੇ ਜੋਧਪੁਰ ਵਿਖੇ ਜੁਡੀਸ਼ੀਅਲ ਪ੍ਰੀਖਿਆ ਵਿੱਚ ਵੱਡੀ ਗਿਣਤੀ 'ਚ ਅੰਮ੍ਰਿਤਧਾਰੀ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਖੰਡਤ ਕਰਨ ਵਾਲਿਆਂ ਖਿਲਾਫ ਸਰਕਾਰ ਵੱਲੋਂ ਅਜੇ ਤੱਕ ਕੋਈ ਕਾਰਵਾਈ ਨਾ ਕਰਨ ਨੂੰ ਬੇਹੱਦ ਦੁੱਖਦਾਈ ਅਤੇ ਅਨਿਆਂਪੂਰਨ ਆਖਿਆ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਜਲੰਧਰ ਨਿਵਾਸੀ ਗੁਰਸਿੱਖ ਲੜਕੀ ਅਰਮਨਜੋਤ ਕੌਰ ਦੇ ਮਾਮਲੇ ਤੋਂ ਬਾਅਦ ਹੁਣ ਅੰਬਾਲਾ ਛਾਉਣੀ ਦੀ ਇੱਕ ਗੁਰਸਿੱਖ ਲੜਕੀ ਲਖਵਿੰਦਰ ਕੌਰ ਵੱਲੋਂ ਜੋਧਪੁਰ ਜੁਡੀਸ਼ੀਅਲ ਪ੍ਰੀਖਿਆ ਦੇ ਇੱਕ ਕੇਂਦਰ ਉੱਤੇ ਉਸ ਦੇ ਕਕਾਰ ਲੁਹਾਉਣ ਦੇ ਸਾਹਮਣੇ ਆਏ ਮਾਮਲੇ ਨੇ ਰਾਜਸਥਾਨ ਅੰਦਰ ਸਿੱਖਾਂ ਨਾਲ ਕੀਤੇ ਜਾ ਰਹੇ ਵਿਤਕਰੇ ਵਖਰੇਵੇਂ ਨੂੰ ਇੱਕ ਵਾਰ ਫਿਰ ਉਜਾਗਰ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਵਰਤਾਰਾ ਸਿੱਖ ਸੰਵੇਦਨਾ ਨੂੰ ਸੱਟ ਮਾਰਨ ਵਾਲਾ ਹੈ ਜਿਸ ਪ੍ਰਤੀ ਰਾਜਸਥਾਨ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਦੋਸ਼ੀ ਅਧਿਕਾਰੀਆਂ ਖਿਲਾਫ ਕਰੜੀ ਕਾਰਵਾਈ ਕਰੇ, ਪਰੰਤੂ ਦੁੱਖ ਦੀ ਗੱਲ ਹੈ ਕਿ ਸਿੱਖ ਕੌਮ ਵੱਲੋਂ ਲਗਾਤਾਰ ਪ੍ਰਗਟਾਏ ਜਾ ਰਹੇ ਇਤਰਾਜ਼ ਮਗਰੋਂ ਵੀ ਸਰਕਾਰ ਆਪਣੀ ਜ਼ਿੰਮੇਵਾਰੀ ਤੋਂ ਮੂੰਹ ਮੋੜੀ ਬੈਠੀ ਹੈ। ਜਾਣਕਾਰੀ ਅਨੁਸਾਰ ਰਾਜਸਥਾਨ ਦੇ ਜੋਧਪੁਰ ਵਿਖੇ ਪਿਛਲੇ ਹਫ਼ਤੇ ਹੋਈ ਸਿਵਲ ਜੱਜ ਦੀ ਜੁਡੀਸ਼ੀਅਲ ਪ੍ਰੀਖਿਆ ਵਿੱਚ ਕਈ ਕੇਂਦਰਾਂ ਉੱਤੇ ਅੰਮ੍ਰਿਤਧਾਰੀ ਸਿੱਖ ਉਮੀਦਵਾਰਾਂ ਨੂੰ ਤੰਗ ਪਰੇਸ਼ਾਨ ਕੀਤਾ ਗਿਆ ਅਤੇ ਅਧਿਕਾਰੀਆਂ ਦਾ ਕਕਾਰ ਲੁਹਾਉਣ ਲਈ ਬਜਿੱਦ ਬਣੇ ਰਹਿਣ ਕਾਰਨ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰੀ, ਜਿਸ ਕਰਕੇ ਕਈ ਸਿੱਖ ਉਮੀਦਵਾਰ ਇਸ ਪ੍ਰੀਖਿਆ ਤੋਂ ਵਾਂਝੇ ਰਹੇ। ਹਾਲਾਂਕਿ ਪ੍ਰੀਖਿਆ ਲਈ ਜਾਰੀ ਹਿਦਾਇਤਾਂ ਵਿੱਚ ਅਜਿਹਾ ਕੁਝ ਵੀ ਸ਼ਾਮਲ ਨਹੀਂ ਸੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਹ ਆਪਹੁਦਰੀ ਕਾਰਵਾਈ ਦੇਸ਼ ਦੇ ਸੰਵਿਧਾਨ ਨੂੰ ਚੁਣੌਤੀ ਦੇਣ ਦੀ ਹਰਕਤ ਹੈ, ਜਿਸ ਵਾਸਤੇ ਦੋਸ਼ੀ ਅਧਿਕਾਰੀਆਂ ਦੇ ਖਿਲਾਫ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਅਤੇ ਸੰਵਿਧਾਨ ਦੀ ਤੌਹੀਨ ਕਰਨ ਤਹਿਤ ਸਰਕਾਰ ਵੱਲੋਂ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਲਖਵਿੰਦਰ ਕੌਰ ਅਤੇ ਹੋਰਨਾਂ ਪੀੜਤ ਅੰਮ੍ਰਿਤਧਾਰੀ ਉਮੀਦਵਾਰਾਂ ਦੇ ਨਾਲ ਹੈ ਅਤੇ ਇਸ ਮਾਮਲੇ ਵਿੱਚ ਹਰ ਪੱਧਰ ਉੱਤੇ ਆਪਣਾ ਰੋਸ ਪ੍ਰਗਟ ਕਰਦਿਆਂ ਦੋਸ਼ੀ ਅਧਿਕਾਰੀਆਂ ਨੂੰ ਸਜ਼ਾਵਾਂ ਦਵਾਉਣ ਲਈ ਕਾਰਜਸ਼ੀਲ ਰਹੇਗੀ। ਐਡਵੋਕੇਟ ਧਾਮੀ ਨੇ ਇਹ ਵੀ ਦੱਸਿਆ ਕਿ ਸ਼੍ਰੋਮਣੀ ਕਮੇਟੀ ਪਹਿਲਾਂ ਵੀ ਅਰਮਨਜੋਤ ਕੌਰ ਤੇ ਹੋਰ ਸਿੱਖ ਉਮੀਦਵਾਰਾਂ ਦੇ ਮਾਮਲੇ ਵਿੱਚ ਰਾਜਸਥਾਨ ਹਾਈ ਕੋਰਟ ਦੇ ਚੀਫ ਜਸਟਿਸ ਤੇ ਰਜਿਸਟਰਾਰ (ਇਮਤਿਹਾਨ), ਕੇਂਦਰੀ ਕਨੂੰਨ ਤੇ ਨਿਆਂ ਮੰਤਰੀ, ਰਾਜਸਥਾਨ ਦੇ ਮੁੱਖ ਮੰਤਰੀ, ਕੌਮੀ ਤੇ ਸੂਬਾ ਘੱਟਗਿਣਤੀ ਕਮਿਸ਼ਨ ਦੇ ਚੇਅਰਮੈਨ ਨੂੰ ਪੱਤਰ ਲਿਖ ਚੁੱਕੀ ਹੈ ਅਤੇ ਹੁਣ ਲਖਵਿੰਦਰ ਕੌਰ ਦਾ ਮਾਮਲਾ ਵੀ ਉਠਾਇਆ ਜਾਵੇਗਾ। ਐਡਵੋਕੇਟ ਧਾਮੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਵੀ ਅਪੀਲ ਕੀਤੀ ਕਿ ਉਹ ਸਮੇਂ-ਸਮੇਂ ਸਾਹਮਣੇ ਆਉਂਦੀਆਂ ਅਜਿਹੀਆਂ ਸਿੱਖ-ਵਿਰੋਧੀ ਘਟਨਾਵਾਂ ਉੱਤੇ ਦੀਰਘ ਵਿਚਾਰ ਵਟਾਂਦਰਾ ਕਰਨ ਲਈ ਸਮੁੱਚੀਆਂ ਸਿੱਖ ਜਥੇਬੰਦੀਆਂ ਦੀ ਵਿਸ਼ੇਸ਼ ਇਕੱਤਰਤਾ ਸੱਦਣ ਤਾਂ ਜੋ ਸਰਕਾਰਾਂ ਨੂੰ ਠੋਸ ਸਨੇਹਾ ਦਿੱਤਾ ਜਾ ਸਕੇ।

# ਨਮਨਪ੍ਰੀਤ ਸਿੰਘ ਰੰਧਾਵਾ ਨਮਿੱਤ ਅੰਤਿਮ ਅਰਦਾਸ ਸਮਾਗਮ ਆਯੋਜਿਤ





ਚੌਂਕ ਮਹਿਤਾ, 30 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ) ਕਾਂਗਰਸ ਪਾਰਟੀ ਦੇ ਯੂਥ ਆਗੂ ਇੰਦਰਜੀਤ ਸਿੰਘ ਰੰਧਾਵਾ ਦੇ ਭਤੀਜੇ ਤੇ ਸਵ: ਜੋਗਿੰਦਰ ਸਿੰਘ ਕਾਲੂ ਦੇ ਪੁੱਤਰ ਨਮਨਪ੍ਰੀਤ ਸਿੰਘ ਰੰਧਾਵਾ ਨਮਿਤ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਹਨਾਂ ਦੇ ਗ੍ਰਹਿ ਵਿਖੇ ਪਾਏ ਗਏ ਜਿੱਥੇ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਸਿੰਘਾਂ ਨੇ ਵੈਰਾਗਮਈ ਕੀਰਤਨ ਕੀਤਾ ਅਤੇ ਦਮਦਮੀ ਟਕਸਾਲ ਮਹਿਤਾ ਦੇ ਅਰਦਾਸੀਏ ਸਿੰਘ ਵੱਲੋਂ ਅੰਤਿਮ ਅਰਦਾਸ ਕੀਤੀ ਗਈ। ਇਸ ਮੌਕੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ, ਹਲਕਾ ਜੰਡਿਆਲਾ ਗੁਰੂ ਤੋਂ ਸੀਨੀਅਰ ਆਗੂ ਅਮਰੀਕ ਸਿੰਘ ਬਿੱਟਾ, ਚੇਅਰਮੈਨ ਗੁਰਵਿੰਦਰ ਸਿੰਘ ਰੰਧਾਵਾ, ਸਰਪੰਚ ਕਸ਼ਮੀਰ ਸਿੰਘ ਮਹਿਤਾ, ਸਰਪੰਚ ਹਰਜਿੰਦਰ ਸਿੰਘ ਮਹਿਤਾ, ਸਰਪੰਚ ਮਨਦੀਪ ਸਿੰਘ ਸੋਨਾ, ਸਰਪੰਚ ਸਲਵਿੰਦਰ ਸਿੰਘ ਟੋਨਾ ਮਹਿਸਮਪੁਰ, ਚੇਅਰਮੈਨ ਸੁਖਦੇਵ ਸਿੰਘ ਜਲਾਲ, ਐਸ਼ ਐਚ ਓ ਗਗਨਦੀਪ ਸਿੰਘ ਢੀਂਡਸਾ, ਚੇਅਰਮੈਨ ਗੁਰਮੀਤ ਸਿੰਘ ਖੱਬੇ ਰਾਜਪੂਤਾਂ, ਚੇਅਰਮੈਨ ਕਵਰਦੀਪ ਸਿੰਘ ਮਾਨ, ਮਨਜੀਤ ਸਿੰਘ ਧਰਦਿਉ, ਜ਼ਿਲ੍ਹਾ ਪ੍ਰਧਾਨ ਗੁਰਧਿਆਨ ਸਿੰਘ ਮਹਿਤਾ, ਸੁੱਖ ਰੰਧਾਵਾ, ਸਰਕਲ ਪ੍ਰਧਾਨ ਪਰਮਪਾਲ ਸਿੰਘ ਪ੍ਰੇਮ, ਤਰਸੇਮ ਸਿੰਘ ਯੋਧੇ, ਪ੍ਰਧਾਨ ਅਜੀਤ ਸਿੰਘ, ਬਲਾਕ ਸੰਮਤੀ ਮੈਂਬਰ ਮਨਜੀਤ ਸਿੰਘ ਮੰਨਾ, ਬਾਬਾ ਮੋਹਣ ਸਿੰਘ, ਮੇਜ਼ਰ ਸਿੰਘ ਪੁਰਬਾ, ਵਿਜੇ ਤਨੇਜਾ, ਹਰਸ਼ਦੀਪ ਸਿੰਘ ਰੰਧਾਵਾ, ਤਜਿੰਦਰਪਾਲ ਸਿੰਘ ਲਾਡੀ, ਬਲਦੇਵ ਸਿੰਘ ਅਠਵਾਲ, ਕੰਵਲਜੀਤ ਸਿੰਘ ਮੈਂਬਰ, ਤੀਰਥ ਸਿੰਘ ਪੰਚ, ਸੁੱਖ ਮਹਿਤਾ, ਸਰਕਲ ਪ੍ਰਧਾਨ ਗੁਲਜਿੰਦਰ ਸਿੰਘ ਲਾਡੀ, ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ਮਹਿਤਾ, ਸੈਕਟਰੀ ਸ਼ਮਸ਼ੇਰ ਸਿੰਘ ਮਹਿਤਾ, ਰਤਨ ਸ਼ਾਹ, ਕੁਲਵਿੰਦਰ ਸਿੰਘ ਮਿੱਠਾ ਚੰਨਣਕੇ, ਹਰਪਾਲ ਸਿੰਘ ਜੱਜ, ਗਗਨਦੀਪ ਸਿੰਘ, ਦਵਿੰਦਰ ਸਿੰਘ ਰੰਧਾਵਾ, ਜਸਕਰਨ ਸਿੰਘ ਉਦੋਨੰਗਲ, ਜਥੇਦਾਰ ਨਸ਼ੀਬ ਸਿੰਘ ਰੰਧਾਵਾ, ਗੁਰਮੇਜ ਸਿੰਘ ਪੰਚ, ਤੇ ਹੋਰ ਸੰਗਤਾਂ ਹਾਜ਼ਰ ਸਨ।

# HAYES PLANT HIRE

WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF **MACHINERY.**


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

## ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

## CONTACT- 07831543004

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

**07715128621**




# ਜਥੇਦਾਰ ਨੂੰ ਬਾਬਾ ਗੁਰਵਿੰਦਰ ਸਿੰਘ ਵਿਵਾਦ ਸਬੰਧੀ ਭੇਜਿਆ ਪੱਤਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ

**ਬਾਬਾ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਜਥੇਦਾਰ ਨੂੰ ਲਿਖੇ ਪੱਤਰ ਵਿਚ ਉਨ੍ਹਾਂ ਲਿਖਤੀ ਰੂਪ ਵਿਚ ਕਿਹਾ ਹੈ ਕਿ ਅਣਜਾਣੇ ਵਿਚ 23 ਜੂਨ ਨੂੰ ਸਕੂਲ ਦੇ ਪ੍ਰੋਗਰਾਮ ਵਿਚ ਕੁਰੂਕਸ਼ੇਤਰ ਹਰਿਆਣਾ ਵਿਖੇ ਗਏ ਹਨ....**



ਅੰਮ੍ਰਿਤਸਰ, 30 ਜੂਨ (ਆਵਾਜ਼ਿ ਕੌਮ ਬਿਊਰੋ): ਗੁਰਦੁਆਰਾ ਉਦਾਸੀਨ ਬ੍ਰਹਮ ਅਖਾੜਾ ਸਾਹਿਬ ਮਾਡੀ ਪਿਹੋਵਾ ਕੁਰੂਕਸ਼ੇਤਰ ਹਰਿਆਣਾ ਦੇ ਮੁੱਖੀ ਬਾਬਾ ਗੁਰਵਿੰਦਰ ਸਿੰਘ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਲਿਖਤੀ ਪੱਤਰ ਭੇਜ ਕੇ ਗਲਤੀ ਮੰਨੀ ਹੈ। ਬਾਬਾ ਗੁਰਵਿੰਦਰ ਸਿੰਘ ਦਾ ਇਹ ਪੱਤਰ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਨੂੰ ਬਾਬਾ ਜੋਤ ਸਿੰਘ, ਬਾਬਾ ਜਤਿੰਦਰ ਸਿੰਘ ਤੇ ਬਾਬਾ ਮਲਕੀਤ ਸਿੰਘ ਨੇ ਸੌਂਪਿਆ ਹੈ। ਗੱਲਬਾਤ ਕਰਦਿਆ ਬਾਬਾ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਜਥੇਦਾਰ ਨੂੰ ਲਿਖੇ ਪੱਤਰ ਵਿਚ ਉਨ੍ਹਾਂ ਲਿਖਤੀ ਰੂਪ ਵਿਚ ਕਿਹਾ ਹੈ ਕਿ ਅਣਜਾਣੇ ਵਿਚ 23 ਜੂਨ ਨੂੰ ਸਕੂਲ ਦੇ ਪ੍ਰੋਗਰਾਮ ਵਿਚ ਕੁਰੂਕਸ਼ੇਤਰ ਹਰਿਆਣਾ ਵਿਖੇ ਗਏ ਹਨ। ਉਨ੍ਹਾਂ ਨੂੰ ਗੁੰਮਰਾਹ ਕਰਕੇ ਇਸ ਪ੍ਰੋਗਰਾਮ ਵਿਚ ਲਿਜਾਇਆ ਗਿਆ ਸੀ। ਉਨ੍ਹਾਂ ਨੂੰ ਉਥੇ ਪਹੁੰਚ ਕੇ ਪਤਾ ਲੱਗਾ ਕਿ ਇਹ ਪ੍ਰੋਗਰਾਮ ਆਰਐੱਸਐੱਸ ਦਾ ਸੀ। ਮੇਰਾ ਇਨ੍ਹਾਂ ਨਾਲ ਕੋਈ ਸਬੰਧ ਨਹੀਂ ਹੈ। ਮੈਂ ਤੇ ਸਾਡਾ ਪੂਰਾ ਅਸਥਾਨ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਮਰਪਿਤ ਹੈ। ਮੈਂ ਭਵਿੱਖ ਵਿਚ ਅਜਿਹਾ ਕੋਈ ਕਾਰਜ ਨਹੀਂ ਕਰੇਗਾ, ਜਿਸ ਨਾਲ ਪੰਥ ਦੀਆਂ ਭਾਵਨਾਵਾਂ ਨੂੰ ਕੋਈ ਠੇਸ ਪਹੁੰਚੇ। ਮੈਨੂੰ ਨਿਮਾਣਾ ਸਿੱਖ ਹੋਣ ਦੇ ਨਾਤੇ ਅਣਜਾਣੇ ਵਿਚ ਹੋਈ ਗਲਤੀ ਦੀ ਮੁਆਫੀ ਦੇਣ ਦੀ ਕ੍ਰਿਪਾਲਤਾ ਕਰਨੀ। ਜਦੋਂ ਵੀ ਮੈਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਦੇਸ਼ ਹੋਵੇਗਾ ਮੈਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਿਮਾਣੇ ਸਿੱਖ ਵਜੋਂ ਹਾਜਰ ਹੋਵਾਂਗਾ। ਬਾਬਾ ਗੁਰਵਿੰਦਰ ਸਿੰਘ ਨੇ ਕਿਹਾ ਕਿ ਉਹ ਹਮੇਸ਼ਾ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਮਰਪਿਤ ਰਹੇ ਹਨ ਤੇ ਅਗਾਂਹ ਵੀ ਸਮਰਪਿਤ ਰਹਿਣਗੇ, ਹੋਈ ਇਸ ਗਲਤੀ ਦੀ ਸਜਾ ਲਈ ਵੀ ਤਿਆਰ ਹਨ।

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ। ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥

"ਪਾਠ ਦਾ ਭੋਗ ਅਤੇ ਅੰਤਿਮ ਅਰਦਾਸ"



ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਖਾੜਕੂ ਸੰਘਰਸ਼ ਦੇ ਮਹਾਨ ਯੋਧੇ ਭਾਈ ਵਸਣ ਸਿੰਘ ਜਫ਼ਰਵਾਲ ਦੇ ਸਤਿਕਾਰਯੋਗ

**ਮਾਤਾ ਕੁਲਵੰਤ ਕੌਰ ਜੀ**

ਜੋ ਮਿਤੀ 27 ਜੂਨ ਦਿਨ ਵੀਰਵਾਰ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ।

ਮਾਤਾ ਜੀ ਦੀ ਯਾਦ ਵਿਚ ਅਤੇ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ

**ਮਿਤੀ 6 ਜੁਲਾਈ 2024, ਦਿਨ ਸ਼ਨੀਵਾਰ ਨੂੰ ਦੁਪਿਹਾ 12:00 ਤੋ 02:00 ਵੱਜੇ ਤੱਕ ਭਾਈ ਜਫ਼ਰਵਾਲ ਦੇ ਗ੍ਰਿਹ ਵਿਖੇ ਪੈਣਗੇ**

ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

ਵਾਹਿਗੁਰੂ ਦੇ ਭਾਣੇ 'ਚ

**ਭਾਈ ਵਸਣ ਸਿੰਘ ਜਫ਼ਰਵਾਲ ਅਤੇ ਸੰਮੂਹ ਪਰਿਵਾਰ**

+91-78370-90700

## ਸ੍ਰੀ ਅਕਾਲ ਤਖਤ ਸਾਹਿਬ (ਸ੍ਰੀ ਹਰਿਮੰਦਰ ਸਾਹਿਬ) ਉੱਤੇ ਹਿੰਦੁਸਤਾਨੀ ਹਕੂਮਤ ਵਲੋ ੪੦ ਸਾਲ ਪਹਿਲਾਂ ਹੋਏ ਹਮਲੇ ਅਤੇ ਜੂਨ ੧੯੮੪ ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ

# ਸ਼ਹੀਦੀ ਸਮਾਗਮ



ਗੁਰੂ ਨਾਨਕ ਗੁਰਦੁਆਰਾ ਵੂਲਵਰਹੈਂਪਟਨ
(ਸੈਜਲੀ ਸਟਰੀਟ). WV2 3AJ ਵਿਖੇ
ਸਨਿਚਰਵਾਰ ੬ ਜੁਲਾਈ ਅਤੇ ਐਤਵਾਰ ੭ ਜੁਲਾਈ ੨੦੨੪ ਨੂੰ
ਸ਼ਹੀਦੀ ਸਮਾਗਮ ਰੱਖੇ ਗਏ ਨੇ।

ਸਨਿਚਰਵਾਰ ੫ ਵਜੇ ਤੋਂ ੮:੩੦ ਵਜੇ ਤਕ (ਹਾਲ ੪)
ਐਤਵਾਰ ੧੧:੩੦ ਵਜੇ ਤੋਂ ੪ ਵਜੇ ਤਕ (ਮੇਨ ਹਾਲ)

ਵਲੋਂ: ਦਮਦਮੀ ਟਕਸਾਲ ਜਥਾ ਯੂਕੇ ਅਤੇ ਯੂਰਪ ਅਤੇ ਸਮੂਹ ਸਾਧ ਸੰਗਤ

ORGANISED BY: DAMDAMI TAKSAL UK & EUROPE AND SADH SANGAT

# SHAHEEDI SMAGAM

IN REMEMBRANCE OF THE SHAHEEDS OF 1984

GURU NANAK GURDWARA | 191 DUNCAN ST, WOLVERHAMPTON WV2 3AJ




SATURDAY 6TH (HALL 4)
5PM-8:30PM
SUNDAY 7TH (MAIN HALL)
11:30AM-4PM

AT GNG SEDGLEY STREET

BHAI HARJINDER SINGH JI 07956 007 161 | GIANI GURJINDER SINGH JI 07400 830 403
BHAI GURJIT SINGH JI 07508 943 570 | BHAI BHERVINDER SINGH JI 07985 246 484

DAMDAMI TAKSAL JATHA (UK & EUROPE)

SIKHS INSPIRE

40 1984

ਆਵਾਜ਼ਿ ਕੌਮ AWAZE QAUM International Newspaper & WEB TV

ਸਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਕਾਰਜਕਾਰੀ ਮੁਖੀ ਦਮਦਮੀ ਟਕਸਾਲ
ਦੇ ਅਸ਼ੀਰਵਾਰ ਸਦਕਾ



ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






## www.khalsaforge.com

# ਇੱਕ ਨਜ਼ਰ



## ਕੰਜ਼ਰਵੇਟਿਵ ਉਮੀਦਵਾਰ ਕਰੋਲਿਨਨੋਕਸ ਨੇ ਭਾਈ ਅਮਰੀਕ ਸਿੰਘ ਗਿਲ ਨਾਲ ਮੁਲਾਕਾਤ ਕਰ ਸਿੱਖ ਮੁੱਦਿਆਂ ਦਾ ਸਮਰਥਨ ਕੀਤਾ

ਨਵੀ ਦਿੱਲੀ 30 ਜੂਨ (ਮਨਪ੍ਰੀਤ ਸਿੰਘ ਖਾਲਸਾ):- ਯੂਕੇ ਦੇ ਸਾਊਥੈਂਪਟਨ ਨੌਰਥ ਲਈ ਕੰਜ਼ਰਵੇਟਿਵ ਉਮੀਦਵਾਰ ਕਰੋਲਿਨਨੋਕਸ ਜੋ ਕਿ 2010 ਤੋਂ ਉੱਥੇ ਐਮਪੀ ਹੈ ਅਤੇ ਉਹ ਹਮੇਸ਼ਾ ਸਿੱਖ ਮੁੱਦਿਆਂ ਦਾ ਸਮਰਥਨ ਕਰਦੀ ਰਹੀ ਹੈ । ਯੂਕੇ ਅੰਦਰ 4 ਜੁਲਾਈ ਨੂੰ ਹੋਣ ਵਾਲੇ ਵੋਟਾਂ ਵਿਚ ਉਸਦੇ ਦੁਬਾਰਾ ਚੁਣੇ ਜਾਣ ਦੀ ਵਡੀ ਉਮੀਦ ਹੈ। ਕੈਰੋਲੀਨ ਨੇ ਸਿੱਖ ਫੈਡਰੇਸ਼ਨ ਦੇ ਮੁੱਖੀ ਭਾਈ ਅਮਰੀਕ ਸਿੰਘ ਗਿਲ ਨਾਲ ਮੁਲਾਕਾਤ ਕਰਕੇ ਸਿੱਖ ਮੁੱਦਿਆਂ ਦਾ ਸਮਰਥਨ ਕੀਤਾ ਹੈ ਅਤੇ ਮੁੜ ਐਮ ਪੀ ਬਣਨ ਤੇ ਇਹ ਸਿੱਖ ਮੁੱਦਿਆ ਨੂੰ ਹੱਲ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਸਕਦੀ ਹੈ। ਭਾਈ ਅਮਰੀਕ ਸਿੰਘ ਗਿਲ ਨੇ ਕਿਹਾ ਕਿ ਸਿੱਖਾਂ ਪ੍ਰਤੀ ਰਿਸ਼ੀਸੁਨਕ ਦੇ ਅਸਵੀਕਾਰਨਯੋਗ ਜ਼ੈਨੋਫੋਬਿਕ/ਨਸਲਵਾਦੀ ਰਵੱਈਏ ਅਤੇ ਕਾਰਵਾਈਆਂ ਜਿਸ ਬਾਰੇ ਕੋਈ ਵੀ ਖੁੱਲ੍ਹ ਕੇ ਗੱਲ ਨਹੀਂ ਕਰਨਾ ਚਾਹੁੰਦਾ ਹੈ, ਨੇ ਕੰਜ਼ਰਵੇਟਿਵਜ਼ ਦੀ ਮਦਦ ਨਹੀਂ ਕੀਤੀ ਹੈ। ਇਸ ਲਈ ਇਸ ਵਾਰ ਸਿੱਖਾਂ ਦੀਆ ਵੋਟਾਂ ਦੀ ਹੋਣ ਵਾਲੀਆਂ ਚੋਣਾਂ ਅੰਦਰ ਵੱਡਾ ਅਸਰ ਪਾ ਸਕਦੀਆਂ ਹਨ ।

## ਪੰਜਾਬ ਪੁਲਿਸ ਵੱਲੋਂ ਪਾਕਿਸਤਾਨ ਦੀ ਹਮਾਇਤ ਵਾਲੇ ਨਸ਼ਾ ਤਸਕਰੀ ਦੇ ਵੱਖ ਰੈਕਟਾਂ ਦਾ ਪਰਦਾਫਾਸ਼; 8 ਕਿਲੋ ਹੈਰੋਇਨ ਅਤੇ 3 ਪਿਸਤੌਲਾਂ ਸਮੇਤ ਛੇ ਕਾਬੂ

### ਗ੍ਰਿਫ਼ਤਾਰ ਕੀਤੇ ਗਏ ਸਾਰੇ ਦੋਸ਼ੀ ਪਾਕਿ ਅਧਾਰਤ ਤਸਕਰਾਂ ਦੇ ਸਿੱਧੇ ਸੰਪਰਕ ਵਿੱਚ ਸਨ: ਐਸ.ਐਸ.ਪੀ. ਅੰਮ੍ਰਿਤਸਰ ਦਿਹਾਤੀ ਸਤਿੰਦਰ ਸਿੰਘ



ਅੰਮ੍ਰਿਤਸਰ , ਜੰਡਿਆਲਾ ਗੁਰੂ, 30 ਜੂਨ (ਕੁਲਵੰਤ ਸਿੰਘ ਵਿਰਦੀ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਸਰਹੱਦ ਪਾਰੋਂ ਨਸ਼ਾ ਤਸਕਰੀ ਦੇ ਰੈਕੇਟ ਨੂੰ ਇੱਕ ਹੋਰ ਵੱਡਾ ਝਟਕਾ ਦਿੰਦਿਆਂ ਪੰਜਾਬ ਪੁਲਿਸ ਨੇ 6 ਵਿਅਕਤੀਆਂ ਨੂੰ 8 ਕਿਲੋਗ੍ਰਾਮ ਹੈਰੋਇਨ ਅਤੇ ਤਿੰਨ ਪਿਸਤੌਲਾਂ ਸਮੇਤ ਗ੍ਰਿਫਤਾਰ ਕਰਕੇ ਪਾਕਿਸਤਾਨ ਦੀ ਹਮਾਇਤ ਵਾਲੇ ਨਸ਼ਾ ਤਸਕਰੀ ਦੇ ਦੋ ਹੋਰ ਰੈਕੇਟਾਂ ਦਾ ਪਰਦਾਫਾਸ਼ ਕੀਤਾ ਹੈ। ਦੱਸਣਯੋਗ ਹੈ ਕਿ ਇਹ ਦੋਵੇਂ ਖੁਫੀਆ ਕਾਰਵਾਈਆਂ ਅੰਮ੍ਰਿਤਸਰ ਦਿਹਾਤੀ ਪੁਲਿਸ ਵੱਲੋਂ ਕੀਤੀਆਂ ਗਈਆਂ ਹੋਰ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦੱਸਿਆ ਕਿ ਇਹ ਸਫ਼ਲਤਾ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵੱਲੋਂ ਪਾਕਿਸਤਾਨ ਅਧਾਰਤ ਤਸਕਰਾਂ ਦੁਆਰਾ ਚਲਾਏ ਜਾ ਰਹੇ ਸਰਹੱਦ ਪਾਰੋਂ ਨਸ਼ਾ ਤਸਕਰੀ ਦੇ ਦੋ ਰੈਕੇਟਾਂ ਦਾ ਪਰਦਾਫਾਸ਼ ਕਰਕੇ ਤਿੰਨ ਨਸ਼ਾ ਤਸਕਰਾਂ ਨੂੰ 9.2 ਕਿਲੋਗ੍ਰਾਮ ਹੈਰੋਇਨ (8.2 ਕਿਲੋ + 1 ਕਿਲੋਗ੍ਰਾਮ) ਸਮੇਤ ਗ੍ਰਿਫਤਾਰ ਕਰਨ ਤੋਂ ਇੱਕ ਦਿਨ ਬਾਅਦ ਹਾਸਲ ਹੋਈ ਹੈ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੁਲਿਸ ਨੂੰ ਖੁਫੀਆ ਜਾਣਕਾਰੀ ਮਿਲੀ ਸੀ ਕਿ ਹੀਰੋ ਸਪਲੈਂਡਰ ਮੋਟਰਸਾਈਕਲ ’ਤੇ ਸਵਾਰ ਦੋ ਵਿਅਕਤੀ ਨਸ਼ੀਲੇ ਪਦਾਰਥਾਂ ਦੀ ਖੇਪ ਲੈ ਕੇ ਜਾ ਰਹੇ ਹਨ, ਜਿਸ ’ਤੇ ਕਾਰਵਾਈ ਕਰਦਿਆਂ ਅੰਮ੍ਰਿਤਸਰ ਦਿਹਾਤੀ ਦੀਆਂ ਪੁਲਿਸ ਟੀਮਾਂ ਨੇ ਪਿੰਡ ਬਚੀਵਿੰਡ ਵਿਖੇ ਇੱਟਾਂ ਦੇ ਭੱਠੇ ਨੇੜੇ ਉਨ੍ਹਾਂ ਨੂੰ ਘੇਰ ਲਿਆ ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ ਅੰਮ੍ਰਿਤਸਰ ਦੇ ਪਿੰਡ ਮੰਝ ਦੇ ਰਹਿਣ ਵਾਲੇ ਗੁਰਭੇਜ ਸਿੰਘ ਅਤੇ ਜਸਕਰਨ ਸਿੰਘ ਨਾਮੀ ਦੋ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ ਉਨ੍ਹਾਂ ਦੇ ਕਬਜ਼ੇ ਵਿੱਚੋਂ 6 ਕਿਲੋ ਹੈਰੋਇਨ ਅਤੇ ਤਿੰਨ ਪਿਸਤੌਲ, ਜਿਨ੍ਹਾਂ ਵਿੱਚ ਇੱਕ 9 ਐਮਐਮ ਗਲੌਕ ਅਤੇ ਦੋ .32 ਬੋਰ ਪਿਸਤੌਲ ਸ਼ਾਮਲ ਹਨ, ਬਰਾਮਦ ਕਰਕੇ ਮੁਲਜ਼ਮਾਂ ਦਾ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਹੈ ਇਸ ਸਬੰਧੀ ਐੱਨ.ਡੀ.ਪੀ.ਐੱਸ. ਐਕਟ ਦੀਆਂ ਧਾਰਾਵਾਂ 21-ਸੀ, 25 ਤੇ 29 ਅਤੇ ਅਸਲਾ ਐਕਟ ਦੀ ਧਾਰਾ 25 ਅਧੀਨ ਥਾਣਾ ਲੋਪੋਕੇ, ਅੰਮ੍ਰਿਤਸਰ ਵਿਖੇ ਮੁਕੱਦਮਾ ਨੰਬਰ 134 ਮਿਤੀ 29/06/2024 ਦਰਜ ਕੀਤਾ ਗਿਆ ਹੈ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਇੱਕ ਹੋਰ ਖੁਫੀਆ ਜਾਣਕਾਰੀ ‘ਤੇ ਕਾਰਵਾਈ ਕਰਦਿਆਂ ਅੰਮ੍ਰਿਤਸਰ ਦਿਹਾਤੀ ਪੁਲਿਸ ਦੀਆਂ ਪੈਟਰੋਲਿੰਗ ਟੀਮਾਂ ਨੇ ਥਾਣਾ ਲੋਪੋਕੇ ਦੀ ਹਦੂਦ ਅੰਦਰ ਪੈਂਦੇ ਪਿੰਡ ਨੂਰਪੁਰ ਨੇੜੇ 2 ਕਿਲੋ ਹੈਰੋਇਨ ਦੀ ਖੇਪ ਦੀ ਡੀਲ ਕਰਦਿਆਂ ਪਿਉ-ਪੁੱਤ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਨਸ਼ਿਆਂ ਦੀ ਖੇਪ ਪਹੁੰਚਾਉਣ ਜਾ ਰਹੇ ਦੋਵੇਂ ਵਿਅਕਤੀਆਂ ਦੀ ਪਛਾਣ ਬਲਬੀਰ ਸਿੰਘ ਅਤੇ ਉਸ ਦਾ ਪੁੱਤਰ ਆਕਾਸ਼ਦੀਪ ਸਿੰਘ ਦੋਵੇਂ ਵਾਸੀ ਕੋਹਾਲੀ, ਅੰਮ੍ਰਿਤਸਰ ਵਜੋਂ ਹੋਈ ਹੈ, ਜਦੋਂਕਿ ਗ੍ਰਿਫਤਾਰ ਕੀਤੇ ਗਏ ਦੋ ਹੋਰ ਵਿਅਕਤੀਆਂ, ਜੋ ਖੇਪ ਲੈਣ ਆਏ ਸਨ, ਦੀ ਪਛਾਣ ਫਿਲਪਸ ਅਤੇ ਜੋਬਨਜੀਤ ਸਿੰਘ ਵਾਸੀ ਪਿੰਡ ਮੂਲਚੱਕ, ਅੰਮ੍ਰਿਤਸਰ ਵਜੋਂ ਹੋਈ ਹੈ ਪੁਲਿਸ ਟੀਮਾਂ ਨੇ ਮੁਲਜ਼ਮਾਂ ਕੋਲੋਂ 2 ਕਿਲੋ ਹੈਰੋਇਨ ਬਰਾਮਦ ਕਰਨ ਤੋਂ ਇਲਾਵਾ ਉਨ੍ਹਾਂ ਦੇ ਕਬਜ਼ੇ ’ਚੋਂ 30,000 ਰੁਪਏ ਦੀ ਡਰੱਗ ਮਨੀ ਅਤੇ ਉਨ੍ਹਾਂ ਦਾ ਐਕਟਿਵਾ ਸਕੂਟਰ ਤੇ ਇੱਕ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਹੈ ਇਸ ਸਬੰਧੀ ਥਾਣਾ ਲੋਪੋਕੇ ਅੰਮ੍ਰਿਤਸਰ ਵਿਖੇ ਐਨਡੀਪੀਐਸ ਐਕਟ ਦੀਆਂ ਧਾਰਾਵਾਂ 21-ਸੀ, 25, 27-ਏ ਅਤੇ 29 ਤਹਿਤ ਮੁਕੱਦਮਾ ਨੰਬਰ 132 ਮਿਤੀ 28/06/2024 ਦਰਜ ਕੀਤਾ ਗਿਆ ਹੈ ਡੀਜੀਪੀ ਨੇ ਕਿਹਾ ਕਿ ਦੋਵਾਂ ਮਾਮਲਿਆਂ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ ਹੋਰ ਵੇਰਵੇ ਦਿੰਦਿਆਂ ਐਸ.ਐਸ.ਪੀ ਅੰਮ੍ਰਿਤਸਰ ਦਿਹਾਤੀ ਸਤਿੰਦਰ ਸਿੰਘ ਨੇ ਦੱਸਿਆ ਕਿ ਮੁੱਢਲੀ ਤਫਤੀਸ਼ ਅਨੁਸਾਰ ਦੋਵਾਂ ਮਾਮਲਿਆਂ ਵਿੱਚ ਫੜੇ ਗਏ ਸਾਰੇ ਮੁਲਜ਼ਮ ਸਿੱਧੇ ਤੌਰ ’ਤੇ ਪਾਕਿਸਤਾਨ ਅਧਾਰਤ ਤਸਕਰਾਂ ਦੇ ਸੰਪਰਕ ਵਿੱਚ ਸਨ, ਜੋ ਪਾਕਿਸਤਾਨ ਤੋਂ ਡਰੋਨ ਰਾਹੀਂ ਨਸ਼ਾ ਮੰਗਵਾ ਕੇ ਸੂਬੇ ਭਰ ਵਿੱਚ ਸਪਲਾਈ ਕਰਦੇ ਸਨ ਉਨ੍ਹਾਂ ਕਿਹਾ ਕਿ ਡਰੱਗ ਸਪਲਾਇਰਾਂ, ਡੀਲਰਾਂ ਅਤੇ ਉਨ੍ਹਾਂ ਦੇ ਖਰੀਦਦਾਰਾਂ ਦੇ ਸਮੁੱਚੇ ਨੈਟਵਰਕ ਦਾ ਪਰਦਾਫਾਸ਼ ਕਰਨ ਲਈ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ। ਐਸ.ਐਸ.ਪੀ. ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਵੱਲੋਂ ਹੁਣ ਤੱਕ ਖਰੀਦੇ ਗਏ ਨਸ਼ੀਲੇ ਪਦਾਰਥਾਂ ਦੀ ਕੁੱਲ ਮਾਤਰਾ ਦਾ ਪਤਾ ਲਗਾਉਣ ਲਈ ਵੀ ਯਤਨ ਕੀਤੇ ਜਾ ਰਹੇ ਹਨ।

**ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦਾ ਮੁੱਦਾ ਅਮਰੀਕਾ ਦੇ ਸਿਆਸੀ ਗਲਿਆਰਿਆਂ ਵਿੱਚ ਪਹੁੰਚਿਆ**

# ਉੱਘੇ ਅਮਰੀਕੀ ਸਿੱਖ ਅਟਾਰਨੀ ਜਸਪ੍ਰੀਤ ਸਿੰਘ ਨੇ ਅਮਰੀਕਾ ਦੀ ਉਪ-ਰਾਸ਼ਟਰਪਤੀ ਕਮਲਾ ਹੈਰਿਸ ਨਾਲ ਭਾਈ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਸਮੇਤ ਸਿੱਖਾਂ ਸੰਬੰਧੀ ਹੋਰ ਮਸਲਿਆਂ ਬਾਰੇ ਕੀਤੀ ਚਰਚਾ

**ਕਮਲਾ ਹੈਰਿਸ ਨੇ ਇਹ ਵੀ ਕਿਹਾ ਕਿ ਅਮਰੀਕਾ ਵਿੱਚ ਰਹਿ ਰਹੇ ਸਿੱਖਾਂ ਦਾ ਅਮਰੀਕੀ ਅਰਥ ਵਿਵਸਥਾ ਵਿੱਚ ਬਹੁਤ ਹੀ ਵੱਡਾ ਯੋਗਦਾਨ ਹੈ। ਅਤੇ ਉਹ ਅਤੇ ਉਹਨਾਂ ਦੀ ਸਰਕਾਰ ਹਮੇਸ਼ਾਂ ਇੱਥੇ ਰਹਿੰਦੇ ਸਿੱਖ...**





ਅੰਮ੍ਰਿਤਸਰ, ਨਿਊਯਾਰਕ, 30 ਜੂਨ (ਆਵਾਜ਼ਿ ਕੌਮ ਬਿਊਰੋ)- ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਕਰੀਬ ਦੋ ਲੱਖ ਵੋਟਾਂ ਨਾਲ ਜਿੱਤ ਪ੍ਰਾਪਤ ਕਰਨ ਦੇ ਬਾਵਜੂਦ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਰਿਹਾਈ ਨਾ ਕਰਦਿਆਂ ਲੋਕ ਸਭਾ ਵਿਚ ਸੌਂਹ ਚੁੱਕ ਸਮਾਗਮ ਤੋਂ ਦੂਰ ਰੱਖਣ ਦਾ ਮੁੱਦਾ ਅਮਰੀਕਾ ਦੇ ਸਿਆਸੀ ਗਲਿਆਰਿਆਂ ਵਿੱਚ ਪਹੁੰਚ ਗਿਆ ਹੈ। ਇਸ ਸੰਬੰਧੀ ਬੀਤੇ ਦਿਨ ਅਮਰੀਕਾ ਦੇ ਪ੍ਰਸਿੱਧ ਸਿੱਖ ਅਟਾਰਨੀ ਜਸਪ੍ਰੀਤ ਸਿੰਘ ਨੇ ਯੂ.ਐਸ. ਏ ਦੀ ਉਪ-ਰਾਸ਼ਟਰਪਤੀ ਕਮਲਾ ਹੈਰਿਸ ਨਾਲ ਮੁਲਾਕਾਤ ਕੀਤੀ। ਉੱਘੇ ਸਿੱਖ ਅਟਾਰਨੀ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਉਹਨਾਂ ਦੀ ਇਸ ਮੁਲਾਕਾਤ ਨੂੰ ਬਹੁਤ ਹੀ ਸਕਾਰਾਤਮਿਕ ਹੁੰਗਾਰਾ ਮਿਲਿਆ ਹੈ। ਇਹ ਮੁਲਾਕਾਤ ਕਮਲਾ ਹੈਰਿਸ ਵੱਲੋਂ ਦਿੱਤੇ ਗਏ ਸਮੇਂ ਮੁਤਾਬਕ ਕੈਲੇਫੋਰਨੀਆ ਸੂਬੇ ਦੇ ਸ਼ਹਿਰ ਲਾਸ ਐਂਜਲਸ ਵਿਖੇ ਹੋਈ। ਜੋ ਲਗਭਗ ਇੱਕ ਘੰਟੇ ਦੇ ਤੱਕ ਚੱਲੀ। ਇਸ ਮੀਟਿੰਗ ਦੌਰਾਨ ਸਿੱਖ ਅਟਾਰਨੀ ਜਸਪ੍ਰੀਤ ਸਿੰਘ ਨੇ ਅੰਮ੍ਰਿਤਪਾਲ ਸਿੰਘ ਸਮੇਤ ਸਿੱਖਾਂ ਨਾਲ ਸੰਬੰਧਿਤ ਅਨੇਕਾਂ ਹੋਰ ਅਹਿਮ ਮੁੱਦਿਆਂ ਨੂੰ ਕਮਲਾ ਹੈਰਿਸ ਦੇ ਸਾਹਮਣੇ ਰੱਖਿਆ। ਅਟਾਰਨੀ ਜਸਪ੍ਰੀਤ ਸਿੰਘ ਨੇ ਪੰਜਾਬ ਦੇ ਲੋਕ ਸਭਾ ਹਲਕਾ ਖਡੂਰ ਸਾਹਿਬ ਤੋ ਚੁਣੇ ਗਏ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਨੂੰ ਪਹਿਲ ਦਿੱਤਾ ਗਿਆ ਅਤੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਉੱਪਰ ਐਨ.ਐੱਸ.ਏ. ਬਿਲਕੁਲ ਗ਼ਲਤ ਅਤੇ ਗੈਰ-ਕਾਨੂੰਨੀ ਹੈ। ਕਿਉਂਕਿ ਇਹ ਅੰਗਰੇਜ਼ਾਂ ਦੁਆਰਾ ਆਜ਼ਾਦੀ ਤੋਂ ਪਹਿਲਾ ਦੇ ਕਾਨੂੰਨਾਂ ਦੇ ਆਧਾਰ ਤੇ ਲਗਾਇਆ ਗਿਆ ਹੈ। ਜੋ ਉਹ ਦੂਜੇ ਲੋਕਾਂ ਨੂੰ ਦਬਾਉਣ ਲਈ ਲਗਾਉਂਦੇ ਸਨ। ਸਿੱਖ ਅਟਾਰਨੀ ਜਸਪ੍ਰੀਤ ਸਿੰਘ ਨੇ ਕਮਲਾ ਹੈਰਿਸ ਨੂੰ ਇਹ ਵੀ ਦੱਸਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਨੇ ਭਾਰਤੀ ਲੋਕ ਸਭਾ ਇਲੈਕਸ਼ਨ ਦੌਰਾਨ ਖਡੂਰ ਸਾਹਿਬ ਤੋਂ ਭਾਰੀ ਬਹੁਮਤ ਵੋਟਾਂ ਦੇ ਨਾਲ ਜਿੱਤ ਪ੍ਰਾਪਤ ਕੀਤੀ ਹੈ। ਪਰ ਅਫ਼ਸੋਸ ਦੀ ਗੱਲ ਇਹ ਹੈ ਕਿ ਇਸ ਜਿੱਤ ਦੇ ਬਾਅਦ ਉਹਨਾਂ ਦੇ ਉੱਪਰ ਲਗਾਈ ਐਨ.ਐੱਸ.ਏ. ’ਤੇ ਇੱਕ ਹੋਰ ਸਾਲ ਦਾ ਸਮਾਂ ਹੋਰ ਵਧਾ ਦਿੱਤਾ ਗਿਆ ਹੈ। ਉੱਘੇ ਸਿੱਖ ਅਟਾਰਨੀ ਨੇ ਉਪ- ਰਾਸ਼ਟਰਪਤੀ ਕਮਲਾ ਹੈਰਿਸ ਨੂੰ ਦੱਸਿਆ ਕਿ ਮਨੁੱਖੀ ਅਧਿਕਾਰਾਂ ਦਾ ਭਾਰਤ ਵਿੱਚ ਘਾਣ ਹੋ ਰਿਹਾ ਹੋਣ ਦਾ ਸਬੂਤ ਹੈ। ਅਤੇ ਅਜਿਹੇ ਕਾਨੂੰਨ ਗੈਰ ਸੰਵਿਧਾਨਿਕ ਤਰੀਕੇ ਨਾਲ ਲਗਾਏ ਜਾ ਰਹੇ ਹਨ ਅਟਾਰਨੀ ਜਸਪ੍ਰੀਤ ਸਿੰਘ ਨੇ ਨਾਲ ਹੀ ਭਾਰਤੀ ਜੇਲ੍ਹਾਂ ਵਿੱਚ ਲੰਬੇ ਸਮੇਂ ਤੋਂ ਆਪਣੀਆਂ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦਾ ਮੁੱਦਾ ਵੀ ਕਮਲਾ ਹੈਰਿਸ ਦੇ ਕੋਲ ਚੁੱਕਿਆ ਉਹਨਾਂ ਦੱਸਿਆ ਅਨੇਕਾਂ ਸਿੱਖ ਸਜਾਵਾਂ ਪੂਰੀਆਂ ਹੋਣ ਦੇ ਬਾਵਜੂਦ ਵੀ ਭਾਰਤ ਦੀਆਂ ਜੇਲ੍ਹਾਂ ਦੇ ਵਿੱਚ ਕੈਦ ਹਨ। ਜਲਦ ਹੀ ਉਹਨਾਂ ਦੀ ਰਿਹਾਈ ਹੋਣੀ ਚਾਹੀਦੀ ਹੈ। ਤੀਸਰਾ ਮੁੱਦਾ ਉਹਨਾਂ ਨੇ ਭਾਰਤੀ ਸਰਕਾਰ ਵੱਲੋਂ ਅਮਰੀਕਾ ਵਿੱਚ ਰਹਿ ਰਹੇ ਕੁੱਝ ਸਿੱਖ ਲੀਡਰਾਂ ’ਤੇ ਹਮਲਾ ਕਰਵਾਉਣ ਦੀ ਵੀ ਕੀਤੀ ਗਈ ਕੋਸ਼ਿਸ਼ ਬਾਰੇ ਗੱਲਬਾਤ ਕੀਤੀ ਅਤੇ ਦੱਸਿਆ ਕਿ ਕਈ ਸਿੱਖ ਲੀਡਰਾਂ ਨੂੰ ਕਈ ਤਰਾਂ ਦੀਆਂ ਧਮਕੀਆਂ ਮਿਲ ਰਹੀਆਂ ਹਨ। ਜਿਸ ਕਰਕੇ ਸਿੱਖ ਕਮਿਊਨਿਟੀ ਵਿੱਚ ਇੱਥੇ ਕਾਫ਼ੀ ਸਮੇਂ ਤੋਂ ਰੋਸ ਦੀ ਲਹਿਰ ਚੱਲ ਰਹੀ ਹੈ ਉਹਨਾਂ ਨੇ ਇਮੀਗ੍ਰੇਸ਼ਨ ਦੇ ਨਾਲ ਸੰਬੰਧਿਤ ਹੋਰ ਮਸਲਿਆਂ ਬਾਰੇ ਵੀ ਗੱਲਬਾਤ ਕੀਤੀ। ਪੰਜਵਾਂ ਅਹਿਮ ਮੁੱਦਾ ਉਹਨਾਂ ਨੇ ਅਮਰੀਕਾ ਵਿੱਚ ਰਹਿ ਰਹੇ ਸਿੱਖਾਂ ਸੰਬੰਧੀ ਲਗਾਤਾਰ ਵੱਧ ਰਹੇ ਹੇਟ ਕ੍ਰਾਈਮ (ਨਸਲਕੁਸ਼ੀ) ਦਾ ਵੀ ਚੁੱਕਿਆ। ਉਹਨਾਂ ਦੱਸਿਆ ਕਿ ਆਏ ਦਿਨ ਸਿੱਖਾਂ ਨਾਲ ਨਸਲਕੁਸ਼ੀ ਦੀ ਭਾਵਨਾ ਰੱਖਦੇ ਹੋਏ ਕਈ ਮੰਦਭਾਗੀ ਘਟਨਾਵਾਂ ਵਾਪਰੀਆਂ ਹਨ। ਨਾਲ ਹੀ ਉਹਨਾਂ ਕਈ ਸਿੱਖ ਨੌਜਵਾਨਾਂ ਉੱਪਰ ਹੋਏ ਹਮਲਿਆਂ ਬਾਰੇ ਵੀ ਦੱਸਿਆ, ਇਹਨਾਂ ਸਾਰੇ ਮੁੱਦਿਆਂ ਨੂੰ ਸੁਣਨ ਤੋਂ ਬਾਅਦ ਉਪ ਰਾਸ਼ਟਰਪਤੀ ਕਮਲਾ ਹੈਰਿਸ ਨੇ ਇਹਨਾਂ ਉੱਪਰ ਪੂਰਾ ਧਿਆਨ ਦਿੱਤਾ ਅਤੇ ਇਹਨਾਂ ਉੱਪਰ ਲੋੜੀਂਦਾ ਅਤੇ ਹਰ ਸੰਭਵ ਕਦਮ ਚੁੱਕਣ ਦਾ ਭਰੋਸਾ ਵੀ ਦਿੱਤਾ। ਉਹਨਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਸੰਬੰਧੀ ਭਾਰਤ ਦੀ ਸਰਕਾਰ ਨਾਲ ਉਹਨਾਂ ਦਾ ਰਾਬਤਾ ਕਾਇਮ ਹੈ ਉਹਨਾਂ ਕਿਹਾ ਕਿ ਭਾਰਤ ਨਾਲ ਅਮਰੀਕਾ ਦੇ ਸੰਬੰਧ ਮਜ਼ਬੂਤ ਹਨ ਅਤੇ ਇਸ ਸਥਿਤੀ ਵਿੱਚ ਉਹ ਇੱਕ ਮਜ਼ਬੂਤ ਭਾਰਤ ਨੂੰ ਦੇਖਣਾ ਚਾਹੁੰਦੇ ਹਨ। ਕਮਲਾ ਹੈਰਿਸ ਨੇ ਇਹ ਵੀ ਕਿਹਾ ਕਿ ਅਮਰੀਕਾ ਵਿੱਚ ਰਹਿ ਰਹੇ ਸਿੱਖਾਂ ਦਾ ਅਮਰੀਕੀ ਅਰਥ ਵਿਵਸਥਾ ਵਿੱਚ ਬਹੁਤ ਹੀ ਵੱਡਾ ਯੋਗਦਾਨ ਹੈ। ਅਤੇ ਉਹ ਅਤੇ ਉਹਨਾਂ ਦੀ ਸਰਕਾਰ ਹਮੇਸ਼ਾਂ ਇੱਥੇ ਰਹਿੰਦੇ ਸਿੱਖ ਭਾਈਚਾਰੇ ਦੇ ਅਧਿਕਾਰਾਂ ਦੀ ਹਰ ਤਰਾਂ ਦੇ ਨਾਲ ਰੱਖਿਆ ਲਈ ਵਚਨਬੱਧ ਹਨ। ਹੈਰਿਸ ਨੇ ਕਿਹਾ ਕਿ ਅਮਰੀਕਾ ਵਿੱਚ ਰਹਿ ਰਹੇ ਸਿੱਖਾਂ ਉੱਪਰ ਜੇਕਰ ਕੋਈ ਵੀ ਹਮਲਾ ਹੁੰਦਾ ਹੈ, ਤਾਂ ਉਸ ਖਿਲਾਫ ਸਖ਼ਤ ਤੋ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਅਦਾਲਤ ਅਤੇ ਸੰਸਦ ਦੇ ਸਪੀਕਰ ਵਲੋਂ ਭਾਈ ਅੰਮ੍ਰਿਤਪਾਲ ਸਿੰਘ ਦੇ ਅਧਿਕਾਰਾਂ ਦੀ ਸੁਰੱਖਿਆ ਕਰਦਿਆਂ ਉਨ੍ਹਾਂ ਨੂੰ ਸੰਵਿਧਾਨ ਪ੍ਰਤੀ ਸਹੁੰ ਚੁੱਕਵਾਣ ਦਾ ਰਾਹ ਪੱਧਰਾ ਕੀਤਾ ਜਾਏ: ਬੀਬੀ ਰਣਜੀਤ ਕੌਰ

**ਇਸੇ ਤਰ੍ਹਾਂ ਪਿਛਲੀ ਲੋਕ ਸਭਾ ਵਿੱਚ ਯੂਪੀ ਦੇ ਘੋਸੀ ਤੋਂ ਚੁਣੇ ਗਏ ਬਸਪਾ ਸਾਂਸਦ ਅਤੁਲ ਕੁਮਾਰ ਸਿੰਘ ਬਲਾਤਕਾਰ ਦੇ ਦੋਸ਼ ਤਹਿਤ ਜੇਲ੍ਹ ਵਿੱਚ ਬੰਦ ਸਨ। ਉਨ੍ਹਾਂ ਨੂੰ ਜਨਵਰੀ 2020 ਵਿੱਚ ਅਦਾਲਤ ਨੇ ਵਿਸ਼ੇਸ਼ ਜ਼ਮਾਨਤ ਦਿੱਤੀ ਸੀ ਅਤੇ ਉਨ੍ਹਾਂ ਨੇ ਸੰਵਿਧਾਨ ਪ੍ਰਤੀ ਸਹੁੰ ਚੁੱਕੀ ਸੀ...**



ਨਵੀਂ ਦਿੱਲੀ 30 ਜੂਨ (ਮਨਪ੍ਰੀਤ ਸਿੰਘ ਖਾਲਸਾ): ਬਾਣੀ ਤੇ ਬਾਣੇ ਦਾ ਪ੍ਰਚਾਰ ਕਰਣ ਦੇ ਨਾਲ ਨਸ਼ੇ ਵਿਰੁੱਧ ਜੰਗ ਛੇੜਨ ਵਾਲੇ ਭਾਈ ਅਮ੍ਰਿਤਪਾਲ ਸਿੰਘ ਨੂੰ ਪਿਛਲੇ ਸਾਲ ਰਾਸ਼ਟਰੀ ਸੁੱਰਖਿਆ ਕਾਨੂੰਨ (ਐੱਨਐੱਸਏ) ਦੇ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਸਮੇਂ ਉਹ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ। ਉਨ੍ਹਾਂ ਨੇ ਜੇਲ੍ਹ ਵਿੱਚੋਂ ਹੀ ਇਹ ਚੋਣ ਲੜ ਕੇ ਕਾਂਗਰਸ ਦੇ ਉਮੀਦਵਾਰ ਨੂੰ ਕਰੀਬ 2 ਲੱਖ ਵੋਟਾਂ ਦੇ ਫ਼ਰਕ ਨਾਲ ਹਰਾਇਆ ਤੇ ਪੰਜਾਬ ਦੀ ਖਡੂਰ ਸਾਹਿਬ ਸੀਟ ਤੋਂ ਆਜ਼ਾਦ ਉਮੀਦਵਾਰ ਵਜੋਂ ਚੁਣੇ ਗਏ ਹਨ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮਹਿਲਾ ਵਿੰਗ ਦੇ ਮੁੱਖੀ ਬੀਬੀ ਰਣਜੀਤ ਕੌਰ ਨੇ ਜਾਰੀ ਆਪਣੇ ਪ੍ਰੈਸ ਨੋਟ ਰਾਹੀਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਉਨ੍ਹਾਂ ਨਾਲ ਵੈਰ ਕਮਾਉਦਿਆਂ ਇਸੇ ਸਾਲ ਉਨ੍ਹਾਂ ’ਤੇ ਇੱਕ ਹੋਰ ਸਾਲ ਲਈ ਐੱਨਐੱਸਏ ਦੀ ਮਿਆਦ ਵਧਾ ਦਿੱਤੀ ਗਈ। ਭਾਰੀ ਵੋਟਾਂ ਤੋਂ ਜਿੱਤਣ ਵਾਲੇ ਭਾਈ ਅੰਮ੍ਰਿਤਪਾਲ ਸਿੰਘ ਸਹੁੰ ਚੁੱਕਣ ਲਈ ਦੇਸ਼ ਦੇ ਸਵਿਧਾਨ ਮੁਤਾਬਿਕ ਅੰਤਰਿਮ ਜ਼ਮਾਨਤ ਲੈਣ ਦੇ ਹੱਕਦਾਰ ਹਨ ਪਰ ਉਨ੍ਹਾਂ ਨਾਲ ਸਿੱਖ ਹੋਣ ਕਰਕੇ ਉਨ੍ਹਾਂ ਦੇ ਮੌਲਿਕ ਅਧਿਕਾਰਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ । ਹਾਲਾਂਕਿ ਇਸ ਤੋਂ ਪਹਿਲਾਂ ਇਹੀ ਅਧਾਰ ਬਣਾ ਕੇ ਅਦਾਲਤ ਨੇ ਜੇਲ੍ਹ ਵਿੱਚ ਵਿੱਚੋਂ ਕੁਝ ਸੰਸਦ ਮੈਂਬਰਾਂ ਨੂੰ ਸਹੁੰ ਚੁੱਕਣ ਦੀ ਮਨਜ਼ੂਰੀ ਦਿੱਤੀ ਹੋਈ ਹੈ। ਪਿਛਲੇ ਸਾਲ ਮਾਰਚ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਸੰਜੇ ਸਿੰਘ ਤਿਹਾੜ ਜੇਲ੍ਹ ਵਿੱਚ ਬੰਦ ਸਨ, ਉਨ੍ਹਾਂ ਨੂੰ ਰਾਜ ਸਭਾ ਮੈਂਬਰ ਵਜੋਂ ਸਹੁੰ ਚੁੱਕਣ ਲਈ ਖਾਸ ਤੌਰ ’ਤੇ ਜ਼ਮਾਨਤ ਦਿੱਤੀ ਗਈ ਸੀ। ਇਸੇ ਤਰ੍ਹਾਂ ਪਿਛਲੀ ਲੋਕ ਸਭਾ ਵਿੱਚ ਯੂਪੀ ਦੇ ਘੋਸੀ ਤੋਂ ਚੁਣੇ ਗਏ ਬਸਪਾ ਸਾਂਸਦ ਅਤੁਲ ਕੁਮਾਰ ਸਿੰਘ ਬਲਾਤਕਾਰ ਦੇ ਦੋਸ਼ ਤਹਿਤ ਜੇਲ੍ਹ ਵਿੱਚ ਬੰਦ ਸਨ। ਉਨ੍ਹਾਂ ਨੂੰ ਜਨਵਰੀ 2020 ਵਿੱਚ ਅਦਾਲਤ ਨੇ ਵਿਸ਼ੇਸ਼ ਜ਼ਮਾਨਤ ਦਿੱਤੀ ਸੀ ਅਤੇ ਉਨ੍ਹਾਂ ਨੇ ਸੰਵਿਧਾਨ ਪ੍ਰਤੀ ਸਹੁੰ ਚੁੱਕੀ ਸੀ। ਸਰਦਾਰ ਸਿਮਰਨਜੀਤ ਸਿੰਘ ਮਾਨ ਨੂੰ 1989 ਵਿਚ ਵਿਸ਼ੇਸ਼ ਜਮਾਨਤ ਦੇ ਕੇ ਸੰਵਿਧਾਨ ਪ੍ਰਤੀ ਸਹੁੰ ਚੁੱਕਵਾਈ ਗਈ ਸੀ। ਦੇਸ਼ ਦੀਆਂ ਅਦਾਲਤਾਂ ਅਤੇ ਸੰਸਦ ਦੇ ਸਪੀਕਰ ਦਾ ਫਰਜ਼ ਬਣਦਾ ਹੈ ਕਿ ਓਹ ਭਾਈ ਅੰਮ੍ਰਿਤਪਾਲ ਸਿੰਘ ਦੇ ਅਧਿਕਾਰਾਂ ਦੀ ਸੁਰੱਖਿਆ ਕਰਦਿਆਂ ਉਨ੍ਹਾਂ ਨੂੰ ਸੰਵਿਧਾਨ ਪ੍ਰਤੀ ਸਹੁੰ ਚੁੱਕਵਾਣ ਦਾ ਰਾਹ ਪੱਧਰਾ ਕਰਣ ।

# ਇੱਕ ਨਜ਼ਰ

## ਬਾਦਲ ਪਰਿਵਾਰ ਦੀ ਅਰਦਾਸ ਹੋਈ ਪੂਰੀ :ਜਥੇਦਾਰ ਹਰਚੰਦ ਸਿੰਘ ਚਕਰ

ਐਡਮਿੰਟਨ, ਕਨੇਡਾ, 30 ਜੂਨ (ਆਵਾਜ਼ਿ ਕੌਮ ਬਿਊਰੋ)- ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਜੋ ਇਸ ਸਮੇਂ ਕਨੇਡਾ ਫੇਰੀ ਤੇ ਆਏ ਹੋਏ ਹਨ ਨੇ ਇੱਕ ਖਾਸ ਮੁਲਾਕਾਤ ਵਿੱਚ ਕਿਹਾ ਕਿ ਅਕਾਲੀ ਦਲ ਦਾ 2022 ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਤਿੰਨ ਸੀਟਾਂ ਤੇ ਹੀ ਸਿਮਟ ਜਾਣਾਂ ਅਤੇ ਹਾਲ ਹੀ ਵਿੱਚ ਹੋਈਆਂ ਲੋਕ ਸਭਾ ਚੋਣਾਂ ਵਿੱਚ ਸਿਰਫ ਇੱਕ ਬਠਿੰਡਾ ਹਲਕੇ ਤੋਂ ਚੋਣ ਜਿੱਤਣਾ ਅਤੇ ਬਾਕੀ ਸੀਟਾਂ ਤੋਂ ਜਮਾਨਤ ਜਬਤ ਹੋ ਜਾਣ ਤੋਂ ਬਾਅਦ ਜੋ ਅਕਾਲੀ ਦਲ ਬਾਦਲ ਦੀ ਪਾਰਟੀ ਵਿੱਚ ਕਾਟੋ - ਕਲੇਸ਼ ਪਿਆ ਹੋਇਆ ਹੈ ਇਸ ਤੋਂ ਲੱਗ ਰਿਹਾ ਕਿ ਲੋਕ ਸਭਾ ਹਲਕਾ ਬਠਿੰਡਾ ਤੋਂ ਸੰਸਦ ਮੈਂਬਰ ਅਤੇ ਬਾਦਲ ਪਰਿਵਾਰ ਦੀ ਨੂੰਹ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਕੀਤੀ ਅਰਦਾਸ ਦਾ ਹੀ ਫਲ ਮਿਲ ਰਿਹਾ ਹੈ ਕਿਉਂਕਿ ਬੀਬਾ ਹਰਸਿਮਰਤ ਕੌਰ ਬਾਦਲ ਨੇ ਪਿਛਲੇ ਸਮੇਂ ਦੌਰਾਨ ਇੱਕ ਅਰਦਾਸ ਕੀਤੀ ਸੀ ਕਿ ਵਾਹਿਗੁਰੂ ਜਿਸ ਵਿਅਕਤੀ ਨੇ ਪਿੰਡ ਜਵਾਹਰਕੇ ਵਿੱਚ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹੋਈ ਬੇਅਦਬੀ ਤੇ ਸਿਆਸਤ ਕੀਤੀ ਹੈ ਉਸ ਦਾ ਕੱਖ ਨਾ ਰਹੇ ਇਹਨਾਂ ਨੂੰ ਇਹ ਨਹੀਂ ਪਤਾ ਕਿ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਮਰੱਥ ਗੁਰੂ ਹਨ ਪੂਰੀ ਮਾਨਵਤਾ ਦੇ ਗੁਰੂ ਹਨ ਗੁਰੂ ਘਰ ਨਾਲ ਮੱਥਾ ਲਾਉਣ ਵਾਲਿਆਂ ਦਾ ਇਹੋ ਹਾਲ ਹੁੰਦਾ ਹੈ ।



## ਲਵਪ੍ਰੀਤ ਕਪੂਰ ਨੂੰ ਗਹਿਰਾ ਸਦਮਾ, ਪਿਤਾ ਵਿਨੈ ਕੁਮਾਰ ਕਪੂਰ ਦਾ ਦਿਹਾਂਤ

### ਕਾਂਗਰਸ ਪਾਰਟੀ ਦੇ ਜਿਲ੍ਹਾ ਮੀਤ ਪ੍ਰਧਾਨ ਅਵਤਾਰ ਸਿੰਘ ਟੱਕਰ ਨੇ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ

ਜੰਡਿਆਲਾ ਗੁਰੂ, 30 ਜੂਨ ( ਕੁਲਵੰਤ ਸਿੰਘ ਵਿਰਦੀ)-ਜੰਡਿਆਲਾ ਗੁਰੂ ਵਿਖੇ ਸਥਿਤ ਕਪੂਰ ਫੋਟੋ ਸਟੇਟ ਦੇ ਮਾਲਕ ਲਵਪ੍ਰੀਤ ਕਪੂਰ ਨੂੰ ਉਸ ਸਮੇਂ ਭਾਰੀ ਸਦਮਾ ਲੱਗਾ ਜਦੋਂ ਉਨਾਂ ਦੇ ਪਿਤਾ ਸ੍ਰੀ ਵਿਨੈ ਕੁਮਾਰ ਕਪੂਰ ਪਰਮਾਤਮਾ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆਂ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਕਹਿ ਕਿ ਅਚਾਨਕ ਪ੍ਰੀਵਾਰ ਨੂੰ ਸਦੀਵੀ ਵਿਛੋੜਾ ਦੇ ਕਿ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਅੱਜ ਉਨ੍ਹਾਂ ਦੇ ਮ੍ਰਿਤਕ ਸਰੀਰ ਨੂੰ ਜੰਡਿਆਲਾ ਗੁਰੂ ਵਿਖੇ ਸ਼ਮਸ਼ਾਨ ਘਾਟ ਵਿਖੇ ਉਨ੍ਹਾਂ ਦੇ ਸਪੁੱਤਰ ਲਵਪ੍ਰੀਤ ਕਪੂਰ ਵੱਲੋਂ ਅੰਗੀਠੇ ਨੂੰ ਅਗਨੀ ਭੇਟ ਕਰ ਦਿੱਤਾ ਗਿਆ ਵਿਨੈ ਕੁਮਾਰ ਦੇ ਅੰਤਿਮ ਸੰਸਕਾਰ ਮੌਕੇ ਕਾਂਗਰਸ ਪਾਰਟੀ ਦੇ ਜਿਲ੍ਹਾ ਅੰਮ੍ਰਿਤਸਰ ਦੇ ਮੀਤ ਪ੍ਰਧਾਨ ਅਤੇ ਖਾਲਸਾ ਆਟੋ ਰਿਕਸ਼ਾ ਯੂਨੀਅਨ ਜੰਡਿਆਲਾ ਗੁਰੂ ਦੇ ਸਾਬਕਾ ਪ੍ਰਧਾਨ ਅਵਤਾਰ ਸਿੰਘ ਟੱਕਰ ਜਾਣੀਆਂ, ਨੇ ਕਪੂਰ ਪ੍ਰੀਵਾਰ ਦੇ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ ਅਤੇ ਇਸ ਸਬੰਧੀ ਟੱਕਰ ਨੇ ਕਿਹਾ ਕਿ ਵਿਨੈ ਕੁਮਾਰ ਬਹੁਤ ਹੀ ਵਧੀਆ ਤੇ ਮਿਲਣਸਾਰ ਇਨਸਾਨ ਸਨ ਜਿਨ੍ਹਾਂ ਦੇ ਜਾਣ ਨਾਲ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ ਇਸ ਮੌਕੇ ਹੋਰਨਾਂ ਤੋਂ ਇਲਾਵਾ ਚਰਨਜੀਤ ਸਿੰਘ ਟੀਟੂ ਜੰਡਿਆਲਾ ਗੁਰੂ, ਸੰਜੀਵ ਕੁਮਾਰ, ਹਰਪਾਲ ਸਿੰਘ ਰਾਜੂ, ਸ੍ਰੀ ਮਤੀ ਰੰਜਨਾ ਟੱਕਰ ਸਾਬਕਾ ਬਲਾਕ ਸੰਮਤੀ, ਮੈਂਬਰ ਮਨਜੀਤ ਪੱਪੀ, ਬਲਵਿੰਦਰ ਸਿੰਘ, ਰਕੇਸ਼ ਕਪੂਰ ਲੁਧਿਆਣਾ, ਚੇਤਨ ਭੱਲਾ ਜਲੰਧਰ, ਰਜਤ ਕਪੂਰ ਅਤੇ ਹੋਰ ਵੀ ਇਲਾਕੇ ਦੀਆਂ ਕਈ ਨਾਮਵਰ ਸ਼ਖਸੀਅਤਾਂ ਅੰਤਿਮ ਸੰਸਕਾਰ ਮੌਕੇ ਹਾਜ਼ਰ ਹੋ ਕੇ ਕਪੂਰ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।



## ਵਾਰੀ ਵਾਰੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਬਦਨਾਮ ਨਾ ਕੀਤਾ ਜਾਵੇ- ਗੁਰਮੇਲ ਸਿੰਘ ਘਈ

ਤਲਵੰਡੀ ਸਾਬੋ, 30 ਜੂਨ (ਗੁਰਜੰਟ ਸਿੰਘ ਨਥੇਹਾ)- ਹਲਕਾ ਤਲਵੰਡੀ ਸਾਬੋ ਦੀ ਅਹਿਮ ਮੀਟਿੰਗ ਹਲਕਾ ਇੰਚਾਰਜ ਰਵੀਪਰੀਤ ਸਿੰਘ ਸਿੱਧੂ ਦੇ ਗ੍ਰਹਿ ਵਿਖੇ ਹੋਈ ਜਿਸ ਵਿਚ ਹਾਜਰ ਸਰਕਲਾਂ ਦੇ ਪ੍ਰਧਾਨ, ਹਰਭਗਤ ਸਿੰਘ ਗਿਆਨਾ, ਬਿਦਰ ਸਿੰਘ ਪੱਕਾ ਕਲਾਂ, ਗੁਰਤੇਜ ਸਿੰਘ ਨਸੀਬਪੁਰਾ, ਬਲਵੰਤ ਸਿੰਘ ਨਥੇਹਾ, ਜਸਵਿੰਦਰ ਸਿੰਘ ਜੈਲਦਾਰ ਜਗਾ, ਹਰਮੋਹਿੰਦਰ ਸਿੰਘ ਤਲਵੰਡੀ ਸਾਬੋ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਮੌਜੂਦ ਸਨ। ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗਲਬਾਤ ਕਰਦਿਆਂ ਸੀਨੀਅਰ ਅਕਾਲੀ ਆਗੂ ਡਾ. ਗੁਰਮੇਲ ਸਿੰਘ ਘਈ ਨੇ ਕਿਹਾ ਕਿ ਮੀਡੀਆ ਵਿੱਚ ਵਾਰੀ ਵਾਰੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਬਦਨਾਮ ਨਾ ਕੀਤਾ ਜਾਵੇ ਕਿਉਂਕਿ ਸਾਰਾ ਹਲਕਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਹੱਕ ਵਿੱਚ ਖੜਾ ਹੈ। ਉਹਨਾਂ ਕਿਹਾ ਕਿ ਪੂਰੇ ਸੂਬੇ ਵਿਚ ਵੱਡੀ ਗਿਣਤੀ ਵਿਚ ਵਰਕਰ ਵੀ ਨਾਲ ਹਨ ਕਿਉਂਕਿ ਸਾਰੇ ਜ਼ਿਲ੍ਹਿਆਂ ਦੇ ਪ੍ਰਧਾਨ ਤੋਂ ਇਲਾਵਾ ਬੀਤੇ ਦਿਨੀਂ 117, ਹਲਕਾ ਇੰਚਾਰਜਾਂ ਵਿੱਚੋਂ 112 ਨੇ ਅਕਾਲੀ ਦਲ ਦੇ ਦਫਤਰ ਚੰਡੀਗੜ ਵਿੱਚ ਹਾਜ਼ਰ ਹੋਏ ਅਤੇ ਯੂਥ ਅਕਾਲੀ ਦਲ ਦੇ ਵਰਕਰਾਂ ਨੇ ਵੀ ਇਕਮੁਠਤਾ ਦਿਖਾਈ। ਉਹਨਾਂ ਕਿਹਾ ਕਿ ਸੱਤਾ ਵੇਲੇ ਜਿਹਨਾਂ ਨੇ ਵੱਧ ਅਨੰਦ ਮਾਣਿਆ ਉਹੀ ਹੁਣ ਮੋਦੀ ਅਕਾਲੀ ਦਲ ਬਣਾਉਣ ਨੂੰ ਵੱਧ ਉਤਾਵਲੇ ਹੋਏ ਬੈਠੇ ਹਨ। ਹੁਣ ਇਹਨਾਂ ਲਈ ਦਿੱਲੀ ਦੂਰ ਹੋ ਗਈ। ਇਹਨਾਂ ਬਾਰੇ ਸਭ ਵਰਕਰ ਅਤੇ ਆਮ ਪਬਲਿਕ ਜਾਣੂ ਹੈ। ਮੀਟਿੰਗ ਵਿਚ ਹੋਰਨਾਂ ਤੋ ਇਲਾਵਾ, ਕੌਂਸਲਰ ਰਣਜੀਤ ਸਿੰਘ ਮਲਕਾਣਾ, ਜਲੌਰਾ ਸਿੰਘ, ਹਰਤਾਬਲ ਸਿੰਘ ਸੁੱਖੀ, ਠਾਣਾ ਸਿੰਘ ਚੱਠਾ, ਤੇਜਾ ਸਿੰਘ ਮਲਕਾਣਾ, ਪ੍ਰੇਮ ਕੁਮਾਰ ਮਿੱਤਲ, ਜਸਵੀਰ ਸਿੰਘ ਸਾਬਕਾ ਸਰਪੰਚ ਆਦਿ ਆਗੂ ਹਾਜਰ ਸਨ।



# ਖਾੜਕੂ ਸੰਘਰਸ਼ ਦੇ ਮਹਾਨ ਯੋਧੇ ਭਾਈ ਵਸਣ ਸਿੰਘ ਜ਼ਫ਼ਰਵਾਲ ਦੇ ਨਾਲ ਕੀਤਾ ਦੁੱਖ ਸਾਂਝਾ







▪ ਖਾੜਕੂ ਸੰਘਰਸ਼ ਦੇ ਮਹਾਨ ਯੋਧੇ ਭਾਈ ਵਸਣ ਸਿੰਘ ਜ਼ਫ਼ਰਵਾਲ ਦੇ ਸਤਿਕਾਰਯੋਗ ਮਾਤਾ ਕੁਲਵੰਤ ਕੌਰ ਜੀ ਆਕਾਲ ਚਲਾਣਾ ਕਰ ਗਏ ਸਨ। ਭਾਈ ਸਾਹਿਬ ਨਾਲ ਸੰਪ੍ਰਦਾਇ ਮਲਕਪੁਰ ਦੇ ਮੁਖੀ ਬਾਬਾ ਸੁਖਵਿੰਦਰ ਸਿੰਘ ਮਲਕਪੁਰ ਵਾਲਿਆਂ ਕੀਤਾ ਦੁੱਖ ਸਾਂਝਾ ਮਾਤਾ ਜੀ ਦਾ ਇਸ ਸੰਘਰਸ਼ ਵਿਚ ਬਹੁਤ ਵੱਡਾ ਯੋਗਦਾਨ ਹੈ ਜਿਸ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਮਹਾਨ ਯੋਧੇ ਦੀ ਮਾਤਾ ਜੀ ਨੂੰ ਕੋਟਾਨ ਕੋਟ ਪ੍ਰਣਾਮ ।ਸਤਿਗੁਰੂ ਜੀ ਮਾਤਾ ਜੀ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਅਤੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

### ਇੰਜੀ : ਗੁਰਜਿੰਦਰ ਸਿੰਘ ਜੇ.ਈ. ਨੂੰ ਤਰੱਕੀ ਹੋਣ ਤੇ ਏਟਕ ਜਥੇਬੰਦੀ ਨੇ ਸ਼ਨਮਾਨਤ ਕੀਤਾ

# ਪਾਵਰਕਾਮ ਅਤੇ ਟ੍ਰਾਂਸਕੋ ਕਾਰਪੋਰੇਸ਼ਨਾਂ 'ਚ ਖਾਲੀ ਹਜ਼ਾਰਾਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰੀਆਂ ਜਾਣ : ਗੰਡੀਵਿੰਡ

▪ ਮੰਗ ਕੀਤੀ ਕਿ ਦੋਨਾਂ ਕਾਰਪੋਰੇਸ਼ਨ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਖਾਲੀ ਪਈਆਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰੀਆਂ ਜਾਣ ਤਾਂ ਜੋ ਮੌਜੂਦਾ ਕਰਮਚਾਰੀਆਂ ਤੇ ਲਗਾਤਾਰ ਵੱਧ ਰਹੇ ਕੰਮ ਦੇ ਭਾਰ ਨੂੰ ਘਟਾ ਕੇ....



ਤਰਨ ਤਾਰਨ, 30 ਜੂਨ (ਆਵਾਜ਼ਿ ਕੌਮ ਬਿਊਰੋ)- ਟ੍ਰਾਂਸਕੋ ਕਾਰਪੋਰੇਸ਼ਨ ਦੇ ਅਧੀਨ ਸਥਾਨਕ 132 ਕੇ ਵੀ ਬਿਜਲੀ ਘਰ ਵਿਖੇ ਬਤੌਰ ਜੇ ਈ ਤੈਨਾਤ ਇੰਜੀ : ਗੁਰਜਿੰਦਰ ਸਿੰਘ ਨੂੰ ਟ੍ਰਾਂਸਕੋ ਮੈਨੇਜਮੈਂਟ ਵੱਲੋ ਸਹਾਇਕ ਇੰਜੀਨੀਅਰ ਦੀ ਤਰੱਕੀ ਦੇ ਕੇ ਉਸੇ ਜਗ੍ਹਾ ਤੇ ਨਿਯੁਕਤ ਕਰਨ ਤੇ ਅੱਜ ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀਐਸਈਬੀ ਇੰਪਲਾਈਜ ਫੈਡਰੇਸ਼ਨ ਏਟਕ ਪੰਜਾਬ ਰਜਿਸਟਰਡ ਨੰਬਰ 41ਵੱਲੋਂ ਜਥੇਬੰਦੀ ਦੇ ਸਰਕਲ ਸਕੱਤਰ ਪੂਰਨ ਦਾਸ ਦੀ ਅਗਵਾਈ ਹੇਠ ਯਾਦਗਾਰੀ ਚਿੰਨ੍ਹ ਦੇ ਕੇ ਸ਼ਨਮਾਨਤ ਕੀਤਾ ਗਿਆ। ਇਸ ਮੌਕੇ ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਵਿਸ਼ੇਸ਼ ਤੌਰ ਤੇ ਸਮੂਲੀਅਤ ਕਰਕੇ ਇੰਜੀ : ਗੁਰਜਿੰਦਰ ਸਿੰਘ ਵੱਲੋ ਵਿਭਾਗ ਦੇ ਕੰਮ ਨੂੰ ਨੇਕ ਨੀਤੀ ਨਾਲ ਕਰਨ ਅਤੇ ਏਟਕ ਜਥੇਬੰਦੀ ਪ੍ਰਤੀ ਵਫ਼ਾਦਾਰੀ ਦੀ ਜੋਰਦਾਰ ਪ੍ਰਸ਼ੰਸ਼ਾ ਕੀਤੀ । ਇਸ ਮੌਕੇ ਤੇ ਹਾਜ਼ਰ ਇੰਜੀ: ਪਰਵੇਜ਼ ਆਲਮ ਐਸ ਐਸ ਈ , ਉਪ ਮੰਡਲ ਅਫਸਰ ਖਡੂਰ ਸਾਹਿਬ ਅਤੇ ਜਥੇਬੰਦੀ ਦੇ ਜੋਨ ਆਗੂ ਇੰਜੀ: ਕੁਲਵਿੰਦਰ ਸਿੰਘ ਬਾਗੜੀਆਂ ਤੋਂ ਇਲਾਵਾ ਡਵੀਜ਼ਨ ਸਕੱਤਰ ਲਖਵਿੰਦਰ ਸਿੰਘ ਬਹਿਲਾ , ਬਲਜੀਤ ਸਿੰਘ ਬਾਬਾ , ਇੰਜੀ : ਸੁਰਜੀਤ ਸਿੰਘ ਏਏਈ, ਇੰਜੀ : ਗੁਰਪ੍ਰੀਤ ਸਿੰਘ ਜੇ ਈ , ਜਗਜੀਤ ਸਿੰਘ ਪੀ ਐਲ ਸੀ , ਬੂਟਾ ਰਾਮ ਐਸ ਐਸ ਏ ਬਲਜਿੰਦਰ ਸਿੰਘ , ਦਵਿੰਦਰ ਸਿੰਘ, ਕਰਨਬੀਰ ਸਿੰਘ, ਸ੍ਰੀਮਤੀ ਬਲਜੀਤ ਕੌਰ ਸਮੇਤ ਸਮੂੰਹ ਸਟਾਫ ਨੇ ਇੰਜੀ : ਗੁਰਜਿੰਦਰ ਸਿੰਘ ਵੱਲੋ ਵਿਭਾਗ ਨੂੰ ਦਿੱਤੀਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਦੀ ਸਲਾਘਾ ਕੀਤੀ । ਸ਼ਨਮਾਨ ਸਮਾਰੋਹ ਮੌਕੇ ਇਕੱਤਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਗੰਡੀਵਿੰਡ ਨੇ ਇੰਜੀ : ਗੁਰਜਿੰਦਰ ਸਿੰਘ ਦੇ ਸ਼ਨਮਾਨ ਸਮਾਰੋਹ ਵਿੱਚ ਸਹਿਯੋਗ ਕਰਨ ਲਈ ਹਾਜ਼ਰੀਨ ਦਾ ਧੰਨਵਾਦ ਕਰਦੇ ਹੋਏ ਪਾਵਰਕਾਮ ਅਤੇ ਟ੍ਰਾਂਸਕੋ ਮੈਨੇਜਮੈਂਟਾਂ ਸਮੇਤ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਦੋਨਾਂ ਕਾਰਪੋਰੇਸ਼ਨ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਖਾਲੀ ਪਈਆਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰੀਆਂ ਜਾਣ ਤਾਂ ਜੋ ਮੌਜੂਦਾ ਕਰਮਚਾਰੀਆਂ ਤੇ ਲਗਾਤਾਰ ਵੱਧ ਰਹੇ ਕੰਮ ਦੇ ਭਾਰ ਨੂੰ ਘਟਾ ਕੇ ਕਰਮਚਾਰੀਆਂ ਅਤੇ ਅਧਿਕਾਰੀਆਂ ਨੂੰ ਮਾਨਸਿਕ ਪ੍ਰੇਸ਼ਾਨੀ ਤੋਂ ਬਚਾਉਣ ਦੇ ਇਲਾਵਾ ਰੋਜ਼ਾਨਾ ਵਾਪਰ ਰਹੇ ਹਾਦਸਿਆਂ ਕਾਰਣ ਕਾਮਿਆਂ ਦੀਆਂ ਅਜਾਈਂ ਜਾ ਰਹੀਆਂ ਕੀਮਤੀ ਜਾਨਾਂ ਤੇ ਰੋਕ ਲਗਾਈ ਜਾ ਸਕੇ । ਸਮਾਗਮ ਦੇ ਅਖੀਰ ਤੇ ਇੰਜੀ: ਗੁਰਜਿੰਦਰ ਸਿੰਘ ਨੇ ਏਟਕ ਜਥੇਬੰਦੀ ਦੀ ਲੀਡਰਸ਼ਿਪ ਸਮੇਤ ਸਮੂਹ ਸਟਾਫ ਦਾ ਧੰਨਵਾਦ ਕੀਤਾ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਬੰਗਲਾ ਸਾਹਿਬ ਰੋਹਤਕ ਵਿਖੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਆਯੋਜਿਤ

# ਗੁਰਮਤਿ ਸਿਖਲਾਈ ਕੈਂਪ 2024 ਦਿੱਲਾਂ 'ਚ ਅਮਿੱਟ ਯਾਦਾਂ ਛੱਡ ਗਿਆ




















ਗੁਰਮਤਿ ਸਿਖਲਾਈ ਕੈਂਪ 2024 ਗੁਰਦੁਆਰਾ ਬੰਗਲਾ ਸਾਹਿਬ ਰੋਹਤਕ ਵਿਖੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਮੈਂਬਰ ਹਰਭਜਨ ਸਿੰਘ ਰਠੌੜ ਅਤੇ ਸਿੱਖ ਸੰਗਤਾਂ ਦੇ ਸਹਿਯੋਗ ਨਾਲ 26 ਮਈ ਤੋਂ 30 ਜੂਨ ਤੱਕ ਕੀਤਾ ਗਿਆ 150 ਦੇ ਕਰੀਬ ਬੱਚਿਆਂ ਨੇ ਗੁਰਮਤਿ ਕੈਂਪ ਵਿੱਚ ਭਾਗ ਲਿਆ। ਸਮਾਪਤੀ ਸਮਾਗਮਾਂ ਵਿੱਚ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੁੱਜ ਕੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਭਾਈ

ਆਵਾਜ਼ਿ ਕੌਮ AWAZE QAUM International Newspaper & WEB TV

ਚਮਕਾਰਾ,ਕਵੀਸ਼ਰ ਭਾਈ ਗੁਰਮੀਤ ਸਿੰਘ,ਪ੍ਰਚਾਰਕ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ,ਹਰਿਆਣਾ ਕਮੇਟੀ ਧਰਮ ਪ੍ਰਚਾਰ ਦੇ ਢਾਡੀ ਗੁਰਸੇਵਕ ਸਿੰਘ ਬਚਿੱਤਰ ਸਿੰਘ,ਪ੍ਰਚਾਰਕ ਭਾਈ ਮਨਪ੍ਰੀਤ ਸਿੰਘ ਨੇ ਵੀ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ,ਜਥੇਦਾਰ ਬਲਦੇਵ ਸਿੰਘ ਖਾਲਸਾ ਅੰਤ੍ਰਿੰਗ ਮੈਂਬਰ,ਸ.ਸੁਦਰਸ਼ਨ ਸਿੰਘ ਭਿਵਾਨੀ ਅੰਤ੍ਰਿੰਗ ਮੈਂਬਰ,ਸ.ਪਰਮਜੀਤ ਸਿੰਘ ਮਾਖਾ ਮੈਂਬਰ,ਸ.ਹਰਭਜਨ ਸਿੰਘ ਰਠੌੜ ਮੈਂਬਰ ਅਤੇ ਹੋਰ ਸ਼ਖਸ਼ੀਅਤਾਂ ਵੱਲੋਂ ਪਾਣੀ ਆਰ ਓ ਸਿਸਟਮ ਅਤੇ ਤਿਆਰ ਹੋਈ ਰਿਹਾਇਸ਼ੀ ਸਰਾਂ ਦਾ ਉਦਘਾਟਨ ਕੀਤਾ ਗਿਆ,ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ,ਸਿਕੰਦਰ ਸਿੰਘ ਵਰਾਣਾ ਇੰਚਾਰਜ ਧਰਮ ਪ੍ਰਚਾਰ ਸਬ ਦਫ਼ਤਰ ਨਾਢਾ ਸਾਹਿਬ,ਗੁਰਭੇਜ ਸਿੰਘ ਇੰਚਾਰਜ ਧਰਮ ਪ੍ਰਚਾਰ ਦਫ਼ਤਰ ਕੁਰੂਕਸ਼ੇਤਰ ਨੇ ਬੱਚਿਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ।

















ਹਰਿਆਣਾ ਸੂਬੇ ਵਿੱਚ ਧਾਰਮਿਕ ਰਾਜਨੀਤਿਕ ਸਮਾਜਿਕ ਮਸਲਿਆਂ ਸਬੰਧੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਭੁਪਿੰਦਰ ਸਿੰਘ ਅਸੰਧ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਅਹੁਦੇਦਾਰ ਮੈਂਬਰ ਸਾਹਿਬਾਨਾਂ ਅਤੇ ਹੋਰ ਸ਼ਖਸ਼ੀਅਤਾਂ ਵਲੋਂ ਅੱਜ ਸ.ਮਨਜਿੰਦਰ ਸਿੰਘ ਸਿਰਸਾ ਨੈਸ਼ਨਲ ਸੈਕਟਰੀ ਭਾਰਤੀ ਜਨਤਾ ਪਾਰਟੀ ਅਤੇ ਸ.ਹਰਪ੍ਰੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਕਾਂਸੀਚਿਊਸ਼ਨ ਕਲੱਬ ਦਿੱਲੀ ਵਿਖੇ ਵਿਚਾਰ ਵਟਾਂਦਰਾ ਕੀਤਾ ਗਿਆ। **ਯਾਦਗਾਰੀ ਤਸਵੀਰਾਂ**